ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7I

awazeqaumtvpunjab@gmail.com

ਸ਼ਨੀਵਾਰ, 29 ਜੂਨ 2024 (ਨਾਨਕਸ਼ਾਹੀ ਸੰਮਤ : ੫੫੬, ੧੬ ਹਾੜ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਪੰਜਾਬ ਦੇ 2 ਸੈਲਾਨੀਆਂ ’ਤੇ ਦੋਸ਼, ਹਿਮਾਚਲ ਦਾ ਟੈਕਸੀ ਡਰਾਈਵਰ ਕੀਤਾ ਅਗਵਾ, ਲੁਧਿਆਣਾ ਤੋਂ ਮਿਲੀ ਗੱਡੀ

**ਸ਼ਿਮਲਾ, 28 ਜੂਨ (ਆਵਾਜ਼ਿ ਕੌਮ ਬਿਊਰੋ)**-ਹਿਮਾਚਲ ਪ੍ਰਦੇਸ਼ ਵਿੱਚ ਇੱਕ ਟੈਕਸੀ ਡਰਾਈਵਰ ਨੂੰ ਅਗਵਾ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਲੁਧਿਆਣਾ ਦੇ ਦੋ ਸੈਲਾਨੀਆਂ ਉੱਤੇ ਅਗਵਾ ਕਰਨ ਦੇ ਦੋਸ਼ ਲੱਗੇ ਹਨ। ਲਾਪਤਾ ਡਰਾਈਵਰ ਦੇ ਪੁੱਤਰ ਦੇਸਰਾਜ ਰਣੌਤ ਨੇ ਆਪਣੇ ਪਿਤਾ ਹਰੀ



ਕ੍ਰਿਸ਼ਨ ਰਣੌਤ ਦੇ ਲਾਪਤਾ ਹੋਣ ਤੋਂ ਬਾਅਦ ਸ਼ਿਮਲਾ ਦੇ ਸਦਰ ਥਾਣੇ ਵਿੱਚ ਅਗਵਾ ਦਾ ਕੇਸ ਦਰਜ ਕਰਵਾਇਆ ਹੈ। ਇਸ ਵਿੱਚ ਦੇਸਰਾਜ ਨੇ ਆਪਣੇ ਪਿਤਾ ਦੇ ਅਗਵਾ ਹੋਣ ਦਾ ਸ਼ੱਕ ਜਤਾਇਆ ਹੈ। ਸ਼ਿਮਲਾ ਪੁਲਿਸ ਨੇ ਇਸ ਸਬੰਧ ਵਿੱਚ ਐਫਆਈਆਰ ਦਰਜ ਕਰਕੇ ਬਿਲਾਸਪੁਰ ਦੇ ਬਰਮਾਨਾ ਥਾਣੇ ਨੂੰ ਭੇਜ ਦਿੱਤੀ ਹੈ, ਕਿਉਂਕਿ ਹਰੀ ਕ੍ਰਿਸ਼ਨ ਰਣੌਤ ਬਰਮਾਨਾ ਦੇ ਆਸਪਾਸ ਥਾਵਾਂ ਤੋਂ ਲਾਪਤਾ ਹੈ। ਬਿਲਾਸਪੁਰ ਪੁਲਿਸ ਨੇ SIT ਦਾ ਗਠਨ ਕਰਕੇ ਲਾਪਤਾ ਹਰੀ ਕ੍ਰਿਸ਼ਨ ਰਣੌਤ ਦੀ ਭਾਲ ਲਈ ਜਾਂਚ ਤੇਜ਼ ਕਰ ਦਿੱਤੀ ਹੈ। ਪੁਲਿਸ ਨੂੰ ਦਿੱਤੀ ਸ਼ਿਕਾਇਤ ਵਿੱਚ ਦੇਸਰਾਜ ਰਣੌਤ ਨੇ ਦੱਸਿਆ ਕਿ 24 ਜੂਨ ਨੂੰ ਉਸ ਦਾ ਪਿਤਾ ਲੁਧਿਆਣਾ ਦੇ ਦੋ ਸੈਲਾਨੀਆਂ ਗੁਰਮੀਤ ਸਿੰਘ ਤੇ ਜਸਪਾਲ ਕਰਨ ਸਿੰਘ ਨਾਲ ਸ਼ਿਮਲਾ ਤੋਂ ਮਨਾਲੀ ਗਿਆ ਸੀ। 25 ਜੂਨ ਨੂੰ ਉਹ ਆਪਣੀ ਆਲਟੋ ਕਾਰ ਨੰਬਰ ਐਚਪੀ-01-ਏ 5150 ਵਿੱਚ ਦੋਵਾਂ ਸੈਲਾਨੀਆਂ ਨਾਲ ਮਨਾਲੀ ਤੋਂ ਵਾਪਸ ਆ ਰਿਹਾ ਸੀ।

## ਬਾਗੀ ਅਕਾਲੀ ਟਕਸਾਲੀਆਂ ਦਾ ਫੈਸਲਾ

# ਪ੍ਰਧਾਨਗੀ ਨੂੰ ਲੈ ਕੇ ਰੱਖੀਆਂ ਸ਼ਰਤਾਂ, ਬਾਦਲ ਨੂੰ ਛੱਡਣੀ ਪੈ ਸਕਦੀ ਕੁਰਸੀ

**ਚੰਡੀਗੜ੍ਹ, 28 ਜੂਨ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ’ਚ ਪ੍ਰਧਾਨਗੀ ਨੂੰ ਲੈ ਕੇ ਪਾਰਟੀ ਅੰਦਰ ਬਗਾਵਤ ਰੁਕਣ ਦੇ ਸੰਕੇਤ ਨਹੀਂ ਦੇ ਰਹੀ ਹੈ। ਪਾਰਟੀ ਦੇ ਸੀਨੀਅਰ ਆਗੂ ਪ੍ਰੇਮ ਸਿੰਘ ਚੰਦੂਮਾਜਰਾ,



ਗੁਰਪ੍ਰਤਾਪ ਸਿੰਘ ਵਡਾਲਾ, ਸਾਬਕਾ ਵਿੱਤ ਮੰਤਰੀ ਪਰਮਿੰਦਰ ਸਿੰਘ ਢੀਂਡਸਾ, ਬੀਬੀ ਜਗੀਰ ਕੌਰ ਤੇ ਹੋਰ ਆਗੂਆਂ ਨੇ ਪ੍ਰੈਸ ਕਾਨਫਰੰਸ ਕਰਕੇ ਆਪਣੀ ਅਗਲੀ ਰਣਨੀਤੀ ਦਾ ਐਲਾਨ ਕਰਦਿਆਂ ਕਿਹਾ ਕਿ 1 ਜੁਲਾਈ ਨੂੰ ਉਹ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਜਾ ਕੇ ਅਰਦਾਸ ਕਰਨਗੇ ਲਿਖਤੀ ਰੂਪ ਵਿੱਚ ਮੁਆਫ਼ੀ ਮੰਗਣਗੇ ਤਾਂ ਜੋ ਅਕਾਲੀ ਦਲ ਵਿੱਚ ਸੁਧਾਰ ਹੋ



ਸਕੇ। ਪ੍ਰੇਮ ਸਿੰਘ ਚੰਦੂਮਾਜਰਾ ਨੇ ਕਿਹਾ ਕਿ ਲੋਕ ਅਕਾਲੀ ਦਲ ਵਿੱਚ ਸੁਖਬੀਰ ਦੀ ਲੀਡਰਸ਼ਿਪ ਨੂੰ ਪਸੰਦ ਨਹੀਂ ਕਰ ਰਹੇ ਹਨ। ਇਸ ਦੇ ਨਤੀਜੇ ਲੋਕ ਸਭਾ ਚੋਣਾਂ ਅਤੇ ਪਿਛਲੀਆਂ ਚੋਣਾਂ ਵਿਚ ਦੇਖਣ ਨੂੰ ਮਿਲ ਚੁੱਕੇ ਹਨ। ਸੁਖਬੀਰ ਨੇ ਅਕਾਲੀ ਦਲ ਦੇ ਟੁਕੜੇ ਕਰ ਦਿੱਤੇ ਹਨ। ਅਕਾਲੀ ਆਗੂਆਂ ਨੇ ਕਿਹਾ ਕਿ ਸੁਖਬੀਰ ਆਪਣੀ ਜ਼ਿੱਦ ਛੱਡ ਦੇਵੇ। ਧਾਰਮਿਕ ਅਤੇ ਸਿਆਸੀ ਸਦਭਾਵਨਾ ਵਾਲੀ ਸ਼ਖਸੀਅਤ ਨੂੰ ਹੀ ਅਕਾਲੀ ਦਲ ਦਾ ਪ੍ਰਧਾਨ ਚੁਣਿਆ ਜਾਵੇਗਾ ਅਤੇ ਜਿਹੜਾ ਪ੍ਰਧਾਨ ਹੋਵੇਗਾ ਉਹ ਮੁੱਖ ਮੰਤਰੀ ਨਹੀਂ ਬਣੇਗਾ। ਦੂਜੇ ਪਾਸੇ ਚੰਡੀਗੜ੍ਹ ਹੈੱਡਕੁਆਰਟਰ ’ਤੇ ਬਾਗੀ ਆਗੂਆਂ ’ਤੇ ਅਕਾਲੀ ਦਲ ਦੇ ਬੁਲਾਰੇ ਦਲਜੀਤ ਚੀਮਾ ਨੇ ਕਿਹਾ ਕਿ ਪ੍ਰਧਾਨ ਜੀ ਨੇ ਸਾਫ਼ ਕਹਿ ਦਿੱਤਾ ਹੈ ਕਿ ਜੇਕਰ ਤੁਹਾਨੂੰ ਮੇਰੇ ’ਤੇ ਭਰੋਸਾ ਹੈ ਤਾਂ ਹੀ ਮੈਂ ਇਸ ਅਹੁਦੇ ’ਤੇ ਬਣਿਆ ਰਹਾਂਗਾ। ਜਿਹੜੇ ਅੱਜ ਬਾਹਰੋਂ ਕਹਿ ਰਹੇ ਹਨ ਕਿ ਅਸੀਂ ਮੁਖੀ ਨਹੀਂ ਬਣਨਾ ਚਾਹੁੰਦੇ ਅਸੀਂ ਸੇਵਾ ਕਰਨੀ ਹੈ। ਪਰ ਅਸਲ ਵਿੱਚ ਉਹ ਸਾਰੇ ਪ੍ਰਧਾਨ ਬਣਨਾ ਚਾਹੁੰਦੇ ਹਨ। ਜੋ ਖਾਲਸਾ ਪੰਥ ਅਤੇ ਪਾਰਟੀ ਨੂੰ ਕਮਜ਼ੋਰ ਕਰਨ ਦੀ ਕੋਸ਼ਿਸ਼ ਕਰ ਰਹੇ ਹਨ, ਉਹ ਝੂੰਦਾਂ ਕਮੇਟੀ ਦੀ ਰਿਪੋਰਟ ਨੂੰ ਪਹਿਲਾਂ ਹੀ ਰੱਦ ਕਰ ਚੁੱਕੇ ਹਨ। ਜਿਸ ਵਿੱਚ ਇੱਕ ਪਰਿਵਾਰ ਨੂੰ ਇੱਕ ਟਿਕਟ ਦੇਣ ਦੀ ਗੱਲ ਚੱਲੀ ਸੀ।

## ਕਿਸਾਨ ਜਥੇਬੰਦੀਆਂ ਵੱਲੋਂ ਭਾਜਪਾ ਦਾ ਵਿਰੋਧ ਜਾਰੀ ਰਹੇਗਾ : ਡੱਲੇਵਾਲ

**ਚੰਡੀਗੜ੍ਹ, 28 ਜੂਨ (ਆਵਾਜ਼ਿ ਕੌਮ ਬਿਊਰੋ)**-ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ ਦੇ ਸੂਬਾ ਪ੍ਰਧਾਨ ਜਗਜੀਤ ਸਿੰਘ ਡੱਲੇਵਾਲ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਐੱਸ.ਕੇ.ਐੱਮ. (ਗੈ.ਰ-ਰਾਜਨੀਤਕ) ਨੇ ਬੰਗਲੁਰੂ ਦੇ ਪ੍ਰੈੱਸ ਕਲੱਬ ਵਿਚ ਪ੍ਰੈੱਸ ਕਾਨਫਰੰਸ ਕੀਤੀ। ਕਰਨਾਟਕ ਤੋਂ ਕਿਸਾਨ ਆਗੂ ਕੁਰਬਰੂ ਸ਼ਾਂਤਾਕੁਮਾਰ, ਪੰਜਾਬ ਤੋਂ ਜਗਜੀਤ ਸਿੰਘ ਡੱਲੇਵਾਲ, ਸੁਖਜੀਤ ਸਿੰਘ, ਹਰਸੁਲਿੰਦਰ ਸਿੰਘ, ਹਰਿਆਣਾ ਤੋਂ ਅਭਿਮਨਿਊ ਕੋਹਾੜ, ਲਖਵਿੰਦਰ ਸਿੰਘ ਔਲਖ, ਜ਼ਫਰ ਖਾਨ, ਤਾਮਿਲਨਾਡੂ ਤੋਂ ਪੀ.ਆਰ. ਪੰਡਯਾਨ, ਕੇਰਲਾ ਤੋਂ ਕੇ.ਵੀ. ਬੀਜੂ ਆਦਿ ਕਿਸਾਨ ਆਗੂ ਇਸ ਪ੍ਰੈੱਸ ਕਾਨਫਰੰਸ ਵਿੱਚ ਮੌਜੂਦ ਸਨ। ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਨੇ ਕਿਹਾ ਕਿ ਘੱਟੋ-ਘੱਟ ਸਮਰਥਨ ਮੁੱਲ ਦੀ ਗਾਰੰਟੀ ਦੇ ਕਾਨੂੰਨ ਦੀ ਮੰਗ ਨੂੰ ਲੈ ਕੇ ਕਿਸਾਨ ਅੰਦੋਲਨ-2, 13 ਫਰਵਰੀ ਤੋਂ ਸ਼ੰਭੂ, ਖਨੌਰੀ, ਡੱਬਵਾਲੀ ਅਤੇ ਰਤਨਪੁਰਾ ਦੇ ਬਾਰਡਰਾਂ ’ਤੇ ਚੱਲ ਰਿਹਾ ਹੈ। ਹਜ਼ਾਰਾਂ ਕਿਸਾਨ 135 ਦਿਨਾਂ ਤੋਂ ਵੱਧ ਸਮੇਂ ਦੇ ਸੜਕਾਂ ਉੱਪਰ ਮਜਬੂਰੀ ਨਾਲ ਅੰਦੋਲਨ ਲੜ ਰਹੇ ਹਨ। ਉਨ੍ਹਾਂ ਅੱਗੇ ਗੱਲਬਾਤ



ਕਰਦਿਆਂ ਕਿਹਾ ਕਿ ਇਹ ਅੰਦੋਲਨ ਉਦੋਂ ਤੱਕ ਜਾਰੀ ਰਹੇਗਾ ਜਦੋਂ ਤੱਕ ਕੇਂਦਰ ਸਰਕਾਰ ਸਾਡੀਆਂ ਮੰਗਾਂ ਨੂੰ ਪੂਰਾ ਨਹੀਂ ਕਰਦੀ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਕਿਸਾਨ ਭਾਈਚਾਰੇ ਦੇ ਗੁੱਸੇ ਕਾਰਨ ਪੇਂਡੂ ਖੇਤਰ ਵਿਚ 2019 ਦੀਆਂ ਚੋਣਾਂ ਦੇ ਮੁਕਾਬਲੇ ਭਾਜਪਾ ਸਰਕਾਰ ਨੇ ਇਸ ਵਾਰ ਚੋਣਾਂ ਵਿਚ 71 ਤੋਂ ਵੱਧ ਲੋਕ ਸਭਾ ਸੀਟਾਂ ਗੁਆ ਦਿੱਤੀਆਂ ਹਨ ਅਤੇ ਜੇਕਰ ਭਾਜਪਾ ਦੀ ਅਗਵਾਈ ਵਾਲੀ ਐੱਨ.ਡੀ.ਏ. ਸਰਕਾਰ ਨੇ ਆਪਣੀਆਂ ਕਿਸਾਨ ਵਿਰੋਧੀ ਨੀਤੀਆਂ ਨੂੰ ਨਾ ਬਦਲਿਆ ਤਾਂ ਭਾਜਪਾ ਨੂੰ ਕਿਸਾਨਾਂ ਦੇ ਹੋਰ ਵੀ ਸਖ਼ਤ ਰੋਸ ਦਾ ਸਾਹਮਣਾ ਕਰਨਾ ਪਵੇਗਾ।

## ਦਿੱਲੀ ਏਅਰਪੋਰਟ ’ਤੇ ਵੱਡਾ ਹਾਦਸਾ, ਛੱਤ ਡਿੱਗਣ ਨਾਲ 4 ਲੋਕ ਜ਼ਖਮੀ, ਵਾਹਨਾਂ ਨੂੰ ਭਾਰੀ ਨੁਕਸਾਨ



**ਚੰਡੀਗੜ੍ਹ, 28 ਜੂਨ (ਆਵਾਜ਼ਿ ਕੌਮ ਬਿਊਰੋ)**-ਦਿੱਲੀ ਏਅਰਪੋਰਟ ਦੇ ਟਰਮੀਨਲ-1 ’ਤੇ ਛੱਤ ਡਿੱਗਣ ਕਾਰਨ ਵੱਡਾ ਹਾਦਸਾ ਵਾਪਰ ਗਿਆ। ਸ਼ੁੱਕਰਵਾਰ ਸਵੇਰੇ ਟਰਮੀਨਲ 1 ’ਤੇ ਏਅਰਪੋਰਟ ਦੀ ਛੱਤ ਇਕ ਵਾਹਨ ’ਤੇ ਡਿੱਗ ਗਈ। ਇਸ ਹਾਦਸੇ ’ਚ 4 ਲੋਕ ਜ਼ਖਮੀ ਹੋ ਗਏ ਹਨ। ਸੂਚਨਾ ਮਿਲਦੇ ਹੀ ਫਾਇਰ ਬ੍ਰਿਗੇਡ ਦੀਆਂ ਗੱਡੀਆਂ ਮੌਕੇ ’ਤੇ ਪਹੁੰਚ ਗਈਆਂ ਅਤੇ ਬਚਾਅ ਕਾਰਜ ਸ਼ੁਰੂ ਕਰ ਦਿੱਤਾ। ਪ੍ਰਾਪਤ ਜਾਣਕਾਰੀ ਅਨੁਸਾਰ ਦਿੱਲੀ ਫਾਇਰ ਸਰਵਿਸ ਨੇ ਸਾਰਿਆਂ ਨੂੰ ਬਚਾ ਕੇ ਹਸਪਤਾਲ ਪਹੁੰਚਾਇਆ। ਦਿੱਲੀ ਫਾਇਰ ਸਰਵਿਸਿਜ਼ ਦੇ ਇਕ ਅਧਿਕਾਰੀ ਨੇ ਦੱਸਿਆ ਕਿ ਦਿੱਲੀ ਹਵਾਈ ਅੱਡੇ ਦੇ ਟਰਮੀਨਲ-1 ’ਤੇ ਛੱਤ ਡਿੱਗ ਗਈ। ਫਾਇਰ ਬ੍ਰਿਗੇਡ ਦੀਆਂ 3 ਗੱਡੀਆਂ ਨੂੰ ਮੌਕੇ ’ਤੇ ਭੇਜਿਆ ਗਿਆ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਫਾਇਰ ਸਰਵਿਸ ਨੂੰ ਸ਼ੁੱਕਰਵਾਰ ਸਵੇਰੇ 5.30 ਵਜੇ ਫੋਨ ਆਇਆ ਕਿ ਇੰਦਰਾ ਗਾਂਧੀ ਅੰਤਰਰਾਸ਼ਟਰੀ ਹਵਾਈ ਅੱਡੇ ਦੇ ਟਰਮੀਨਲ-1 ਦੀ ਛੱਤ ਡਿੱਗ ਗਈ ਹੈ। ਸੂਚਨਾ ਮਿਲਦੇ ਹੀ ਫਾਇਰ ਬ੍ਰਿਗੇਡ ਦੀਆਂ ਤਿੰਨ ਗੱਡੀਆਂ ਮੌਕੇ ’ਤੇ ਭੇਜੀਆਂ ਗਈਆਂ। ਹੁਣ ਤੱਕ ਤਿੰਨ ਜ਼ਖਮੀਆਂ ਨੂੰ ਹਸਪਤਾਲ ਲਿਜਾਇਆ ਗਿਆ ਸੀ ਪਰ ਇਕ ਵਿਅਕਤੀ ਫਸ ਗਿਆ ਸੀ। ਉਸ ਨੂੰ ਵੀ ਹੁਣ ਬਚਾ ਲਿਆ ਗਿਆ ਹੈ। ਜਬਲਪੁਰ ਦਾ ਨਵਾਂ ਹਵਾਈ ਅੱਡਾ ਸ਼ਹਿਰ ਦੀ ਪਹਿਲੀ ਬਾਰਿਸ਼ ਨੂੰ ਝੱਲ ਨਹੀਂ ਸਕਿਆ। 450 ਕਰੋੜ ਰੁਪਏ ਦੀ ਲਾਗਤ ਨਾਲ ਬਣੇ ਦੁਮਨਾ ਹਵਾਈ ਅੱਡੇ ’ਤੇ ਵੀਰਵਾਰ (27 ਜੂਨ) ਨੂੰ ਟਰਮੀਨਲ ਦੀ ਇਮਾਰਤ ਦੇ ਡਰਾਪ ਐਂਡ ਗੋ ਏਰੀਏ ’ਚ ਟੈਂਸਿਲ ਰੂਫ ਫਟਣ ਕਾਰਨ ਪਾਣੀ ਦਾ ਹੜ੍ਹ ਆ ਗਿਆ ਅਤੇ ਇਕ ਕਾਰ ਚਕਨਾਚੂਰ ਹੋ ਗਈ। ਇਸ ਘਟਨਾ ਵਿੱਚ ਆਮਦਨ ਕਰ ਵਿਭਾਗ ਦਾ ਇੱਕ ਅਧਿਕਾਰੀ ਅਤੇ ਉਸ ਦਾ ਡਰਾਈਵਰ ਵਾਲ-ਵਾਲ ਬਚ ਗਏ। ਦਿੱਲੀ ’ਚ ਸ਼ੁੱਕਰਵਾਰ ਨੂੰ ਮਾਨਸੂਨ ਦੀ ਪਹਿਲੀ ਭਾਰੀ ਬਾਰਿਸ਼ ਦੇਖਣ ਨੂੰ ਮਿਲੀ। ਸਵੇਰੇ 4:30 ਤੋਂ 5:00 ਵਜੇ ਤੱਕ ਭਾਰੀ ਮੀਂਹ ਪਿਆ। ਹਾਲਾਂਕਿ ਇਸ ਕਾਰਨ ਸਵੇਰ ਤੋਂ ਹੀ ਸ਼ਹਿਰ ਵਿਚ ਪਾਣੀ ਭਰ ਗਿਆ ਅਤੇ ਆਵਾਜਾਈ ਵਿਵਸਥਾ ਵਿਗੜ ਗਈ। ਕਈ ਥਾਵਾਂ ’ਤੇ ਲੰਮਾ ਟਰੈਫਿਕ ਜਾਮ ਲੱਗਿਆ ਹੋਇਆ ਹੈ ਅਤੇ ਲੋਕਾਂ ਨੂੰ ਉੱਥੇ ਪਹੁੰਚਣ ਲਈ ਦੋ ਘੰਟੇ ਤੋਂ ਵੱਧ ਸਮਾਂ ਲੱਗ ਰਿਹਾ ਹੈ।

## ਯੋਗਾ ਕੁੜੀ ਵੱਲੋਂ ਐਫ. ਆਈ. ਆਰ. ਵਾਪਸ ਲੈਣ ਦੀ ਨਵੀਂ ਵੀਡੀਓ ’ਤੇ ਸ਼੍ਰੋਮਣੀ ਕਮੇਟੀ ਦਾ ਵੱਡਾ ਬਿਆਨ


**ਅੰਮ੍ਰਿਤਸਰ, 28 ਜੂਨ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਹਰਿਮੰਦਰ ਸਾਹਿਬ ਯੋਗਾ ਕਰਨ ਵਾਲੀ ਕੁੜੀ ਦੇ ਐੱਫ਼. ਆਈ. ਆਰ. ਲੈਣ ਦੀ ਧਮਕੀ ਮਗਰੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (ਐੱਸ. ਜੀ. ਪੀ. ਸੀ.) ਦਾ ਬਿਆਨ ਸਾਹਮਣੇ ਆਇਆ ਹੈ। ਇਸ ਦੌਰਾਨ ਐੱਸ. ਜੀ. ਪੀ. ਸੀ. ਦੇ ਜਨਰਲ ਸਕੱਤਰ ਗੁਰਚਰਨ ਸਿੰਘ ਗਰੇਵਾਲ ਦਾ ਨੇ ਯੋਗਾ ਵਾਲੀ ਕੁੜੀ ਨੂੰ ਜਵਾਬ ਦਿੰਦਿਆ ਕਿਹਾ ਕਿ ਸ੍ਰੀ ਦਰਬਾਰ ਸਾਹਿਬ ਆਸਥਾ ਦਾ ਕੇਂਦਰ ਹੈ। ਇੱਥੇ ਵੱਖ-ਵੱਖ ਧਰਮਾ ਦੇ ਸ਼ਰਧਾਲੂ ਨਤਮਸਤਕ ਹੋਣ ਲਈ ਆਉਂਦੇ ਹਨ ਪਰ ਇਸ ਵਿਚਾਲੇ ਯੋਗਾ ਕਰਨ ਵਾਲੀ ਕੁੜੀ ਅਰਚਨਾ ਮਕਵਾਨਾ ਨੇ ਬਹੁਤ ਵੱਡਾ ਵਿਵਾਦ ਛੇੜ ਦਿੱਤਾ ਹੈ। ਉਨ੍ਹਾਂ ਕਿਹਾ ਕਿ ਇਸ ਬਾਰੇ ਵਿਸਥਾਰ ਕਰਨ ਦੀ ਜ਼ਰੂਰਤ ਨਹੀਂ ਹੈ ਕਿ ਕੁੜੀ ਸਿਰਫ਼ ਇੱਥੇ ਤਸਵੀਰਾਂ ਕਰਵਾਉਣ ਲਈ ਆਈ ਸੀ ਇਹ ਸਿਰਫ਼ ਮੈਂ ਹੀ ਨਹੀਂ ਸਗੋਂ ਸਾਰੇ ਲੋਕ ਕਹਿ ਰਹੇ ਹਨ। ਉਨ੍ਹਾਂ ਕਿਹਾ ਕਿ ਰੋਜ਼ਾਨਾ ਇਕ ਲੱਖ ਦੇ ਕਰੀਬ ਯਾਤਰੀ ਆਉਂਦੇ ਹਨ ਜੋ ਸਤਿਕਾਰ ਸਾਡਾ ਉਨ੍ਹਾਂ ਲਈ ਹੈ ਉਹੀ ਅਰਚਨਾ ਦੇ ਪ੍ਰਤੀ ਵੀ ਹੈ ਪਰ ਉਸ ਨੇ ਜੋ ਮਰਿਆਦਾ ਦੀ ਉਲੰਘਣਾ ਕੀਤੀ ਹੈ ਉਸ ਦੀ ਸ਼ਿਕਾਇਤ ਪ੍ਰਸ਼ਾਸਨ ਨੂੰ ਦੇਣੀ ਸਾਡਾ ਫਰਜ਼ ਬਣਦਾ ਹੈ। ਉਨ੍ਹਾਂ ਕਿਹਾ ਅਰਚਨਾ ਨੇ ਜੋ ਕਾਰਜ ਕੀਤਾ ਹੈ ਉਸ ਤੋਂ ਲੋਕਾਂ ਨੂੰ ਸਾਫ਼ ਹੋ ਗਿਆ ਜਾਣੇ ਜਾਂ ਅਣਜਾਣੇ ’ਚ ਕੀ ਫਰਕ ਹੁੰਦਾ ਹੈ ਤੇ ਉਸ ਨੇ ਜੋ ਵੀ ਕੀਤਾ ਜਾਣੇ ’ਚ ਹੀ ਕੀਤਾ ਹੈ। ਉਨ੍ਹਾਂ ਕਿਹਾ ਕੋਈ ਵੀ ਧਰਮ ਨਾਲ ਸੰਬੰਧਿਤ ਵਿਅਕਤੀ ਇਸ ਗੱਲ ਦਾ ਸਹਿਯੋਗ ਨਹੀਂ ਕਰਦਾ। ਹਾਲਾਂਕਿ ਅਰਚਨਾ ਨੇ ਕਿਹਾ ਕਿ ਮੈਨੂੰ ਧਮਕੀਆਂ ਮਿਲ ਰਹੀਆਂ ਹਨ




ਅਤੇ ਅਸੀਂ ਹੱਥ ਜੋੜ ਕੇ ਕਿਹਾ ਕਿ ਕੋਈ ਵੀ ਸਿੱਖ ਧਮਕੀ ਨਹੀਂ ਦਿੰਦਾ ਪਰ ਜੋ ਵੀ ਕਹਿ ਰਿਹਾ ਹੈ ਉਸ ਦੇ ਖ਼ਿਲਾਫ਼ ਕਾਨੂੰਨੀ ਕਾਰਵਾਈ ਕਰੋ। ਫਿਲਹਾਲ ਅਰਚਨਾ ਵਲੋਂ ਕੋਈ ਕਾਨੂੰਨੀ ਕਾਰਵਾਈ ਨਹੀਂ ਕੀਤੀ ਗਈ। ਉਨ੍ਹਾਂ ਅੱਗੇ ਕਿਹਾ ਕਿ ਇਹ ਸਿਰਫ਼ ਵਿਵਾਦ ਹੀ ਨਹੀਂ ਸਗੋਂ ਹਿੰਦੂ-ਸਿੱਖਾਂ ’ਚ ਪਾੜਾ ਪਾਉਣ ਦੀ ਕੋਸ਼ਿਸ਼ ਕਰ ਰਹੇ ਹਨ। ਇਨ੍ਹਾਂ ਵਲੋਂ ਜੋ ਕਾਰਜ ਕੀਤਾ ਗਿਆ ਹੈ ਉਸ ਦੀ ਹਰ ਕੋਈ ਨਿੰਦਾ ਕਰ ਰਿਹਾ ਹੈ। ਉਨ੍ਹਾਂ ਕਿਹਾ ਅਰਚਨਾ ਨੇ ਪੋਸਟ ਪਾਈ ਹੈ ਜੇਕਰ ਐੱਫ਼. ਆਈ. ਆਰ. ਵਾਪਸ ਨਹੀਂ ਲਈ ਤਾਂ ਮੇਰੀ ਕਾਨੂੰਨੀ ਟੀਮ ਸੰਘਰਸ਼ ਕਰਨ ਲਈ ਤਿਆਰ ਹੈ। ਉਨ੍ਹਾਂ ਕਿਹਾ ਸਾਡਾ ਤੁਹਾਡੇ ਨਾਲ ਕੋਈ ਨਿੱਜੀ ਵਿਵਾਦ ਨਹੀਂ ਹੈ ਤੁਸੀਂ ਜੋ ਕੁਝ ਕੀਤਾ ਉਸ ਦੀ ਪ੍ਰਸ਼ਾਸਨ ਨੂੰ ਸ਼ਿਕਾਇਤ ਦਿੱਤੀ ਹੈ। ਪ੍ਰਸ਼ਾਸਨ ਨੇ ਧਾਰਾ ਲਾਈ ਹੈ ਅਤੇ ਪ੍ਰਸ਼ਾਸਨ ਹੀ ਤੁਹਾਨੂੰ ਸੱਦ ਰਿਹਾ ਹੈ, ਤੁਸੀਂ ਕਾਨੂੰਨ ਦੇ ਜਾਣਕਾਰ ਹੋ ਇਸ ਲਈ ਬੇਲੋੜਾ ਵਿਵਾਦ ਪੈਂਦਾ ਕਰ ਕੇ ਆਪਣੀ ਫੇਮ ਲੈਣਾ ਚਾਹੁੰਦੇ ਹੋ। ਉਨ੍ਹਾਂ ਕਿਹਾ ਤੁਹਾਡੇ ਨਾਲ ਕੁਝ ਸ਼ਕਤੀਆਂ ਵੀ ਜੁੜਦੀਆਂ ਹਨ ਜੋ ਸਿੱਖਾਂ ਨੂੰ ਟਰੋਲ ਕਰ ਰਹੀਆਂ ਹਨ ਤੇ ਇਹ ਗੱਲ ਅਸੀਂ ਮਹਿਸੂਸ ਕਰ ਰਹੇ ਹਨ। ਸਾਡਾ ਤੁਹਾਡੇ ਨਾਲ ਕੋਈ ਨਿੱਜੀ ਮਸਲਾ ਨਹੀਂ ਹੈ ਪ੍ਰਸ਼ਾਸਨ ਨੇ ਕਾਰਵਾਈ ਕਰਨੀ ਹੀ ਕਰਨੀ ਹੈ। ਉਨ੍ਹਾਂ ਕਿਹਾ ਮੈਂ ਤੁਹਾਡੇ ਮਾਤਾ-ਪਿਤਾ ਨੂੰ ਅਪੀਲ ਕਰਦਾ ਹਾਂ ਕਿ ਉਹ ਤੁਹਾਨੂੰ ਸੰਸਕਾਰ ਦੇਣ, ਕਿਉਂਕਿ ਇਹ ਦੇਸ਼ ਧਾਰਮਿਕ ਸੰਸਕਾਰੀ ਦੇਸ਼ ਹੈ ਇੱਥੇ ਰੱਬ ਦੇ ਘਰ ਜਾਂ ਰੱਬ ਨਾਲ ਮੱਥਾ ਲਾਉਣ ਵਾਲਿਆਂ ਦਾ ਹਸ਼ਰ ਚੰਗਾ ਨਹੀਂ ਹੁੰਦਾ। ਉਨ੍ਹਾਂ ਕਿਹਾ ਜੇਕਰ ਮੁਆਫ਼ੀ ਦੀ ਗੱਲ ਹੈ ਤਾਂ ਖੁੱਲ੍ਹੇ ਦਿਲ ਨਾਲ ਰੱਬ ਦੇ ਘਰ ਆ ਕੇ ਇਹ ਗੱਲ ਕਰ ਸਕਦੇ ਹੋ। ਸ਼੍ਰੋਮਣੀ ਕਮੇਟੀ ਦੇ ਪ੍ਰਬੰਧਾ ’ਤੇ ਉਂਗਲ ਚੁੱਕ ਕੇ ਇਸ ਦੇ ਪ੍ਰਬੰਧ ਨੂੰ ਬਦਨਾਮ ਕਰਨਾ ਚਾਹੁੰਦੇ ਹੋ। ਉਨ੍ਹਾਂ ਕਿਹਾ ਨਾ ਅਸੀਂ ਕਿਸੇ ਖ਼ਿਲਾਫ਼ ਨਾਜਾਇਜ਼ ਇਲਜ਼ਾਮ ਅਤੇ ਨਾ ਹੀ ਨਾਜਾਇਜ਼ ਸ਼ਿਕਾਇਤ ਕਰਦੇ ਹਾਂ। ਦੱਸ ਦੇਈਏ ਅਰਚਨਾ ਮਕਵਾਨਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਐੱਫ਼. ਆਈ. ਆਰ. ਵਾਪਸ ਲੈਣ ਦੀ ਕਹਿ ਰਹੀ ਹੈ। ਉਸ ਨੇ ਕਿਹਾ ਕਿ ਜੇਕਰ ਐੱਫ਼. ਆਈ. ਆਰ. ਵਾਪਸ ਨਹੀਂ ਲਈ ਜਾਂਦੀ ਤਾਂ ਫਿਰ ਉਸਦੀ ਕਾਨੂੰਨੀ ਟੀਮ ਸੰਘਰਸ਼ ਕਰਨ ਲਈ ਤਿਆਰ ਹੈ।

## ‘ਮਾਨ ਸਰਕਾਰ ਤੋਂ ਅੱਕੇ ਡਾਕਟਰ, ਪੰਜਾਬ ’ਚ ਸਿਹਤ ਸੇਵਾਵਾਂ ਬੁਰੀ ਤਰ੍ਹਾਂ ਪ੍ਰਭਾਵਿਤ, ਖਾਲੀ ਹੋਣ ਲੱਗੇ ਹਸਪਤਾਲ’

**ਚੰਡੀਗੜ੍ਹ, 28 ਜੂਨ (ਆਵਾਜ਼ਿ ਕੌਮ ਬਿਊਰੋ)**-ਵਿਰੋਧੀ ਧਿਰ ਦੇ ਆਗੂ ਪ੍ਰਤਾਪ ਸਿੰਘ ਬਾਜਵਾ ਨੇ ਆਮ ਆਦਮੀ ਪਾਰਟੀ ਦੀ ਅਗਵਾਈ ਵਾਲੀ ਪੰਜਾਬ ਸਰਕਾਰ ’ਤੇ ਸੂਬੇ ਦੀ ਸਿਹਤ ਪ੍ਰਣਾਲੀ ਨੂੰ ਬੁਰੀ ਤਰਾਂ ਨਾਲ ਨੁਕਸਾਨ ਪਹੁੰਚਾਉਣ ਲਈ ਤਿੱਖੀ ਆਲੋਚਨਾ ਕੀਤੀ ਹੈ। ਬਾਜਵਾ ਨੇ ਇੱਕ ਖ਼ਬਰ ਦਾ ਹਵਾਲਾ ਦਿੰਦੇ ਹੋਏ ਕਿਹਾ ਕਿ ਬਠਿੰਡਾ ਵਿਚ ਦੋ ਮਹੀਨਿਆਂ ਤੋਂ ਵੀ ਘੱਟ ਸਮੇਂ ਵਿਚ ਸਰਕਾਰੀ ਹਸਪਤਾਲਾਂ ਵਿਚ ਤਾਇਨਾਤ 6 ਡਾਕਟਰਾਂ ਨੇ ਅਸਤੀਫ਼ਾ ਦੇ ਦਿੱਤਾ ਹੈ। ਉਨ੍ਹਾਂ ਨੇ ਆਪਣੇ ਅਹੁਦਿਆਂ ਨੂੰ ਛੱਡਣ ਦੇ ਪਰਿਵਾਰਕ ਕਾਰਨ ਦੱਸੇ। ਹਾਲਾਂਕਿ, ਖ਼ਬਰ ਵਿੱਚ ਕੁਝ ਸਰੋਤਾਂ ਦਾ ਹਵਾਲਾ ਦਿੱਤਾ ਗਿਆ ਹੈ ਅਤੇ ਕਿਹਾ ਗਿਆ ਹੈ ਕਿ ਕਈ ਡਾਕਟਰ ਸਰਕਾਰੀ ਪ੍ਰਣਾਲੀ ਵਿੱਚ ਬੋਝ ਹੇਠ ਕੰਮ ਕਰ ਰਹੇ ਹਨ। ਪੰਜਾਬ ਦੀ ਸਿਹਤ ਪ੍ਰਣਾਲੀ ਦੀ ਮਾੜੀ ਹਾਲਤ ਪੇਸ਼ ਕਰਦਿਆਂ ਇੱਕ ਹੋਰ ਖ਼ਬਰ ਵਿਚ ਕਿਹਾ ਗਿਆ ਹੈ ਕਿ ਫ਼ਿਰੋਜ਼ਪੁਰ ਅਤੇ ਜ਼ੀਰਾ ਸਬ-ਡਵੀਜ਼ਨਾਂ ਵਿਚ ਡਾਕਟਰਾਂ ਦੀਆਂ 121 ਮਨਜ਼ੂਰਸ਼ੁਦਾ ਅਸਾਮੀਆਂ ਵਿਚੋਂ ਐਸਐਮਓ ਦੀਆਂ ਅਸਾਮੀਆਂ ਸਮੇਤ 56 ਖ਼ਾਲੀ ਪਈਆਂ ਹਨ। ਇਸੇ ਤਰਾਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੇ ਗ੍ਰਹਿ ਜ਼ਿਲ੍ਹੇ ਸੰਗਰੂਰ ਵਿੱਚ ਮੈਡੀਕਲ ਅਫ਼ਸਰ ਦੀਆਂ 117 ਅਸਾਮੀਆਂ ਵਿੱਚੋਂ 85 ਅਸਾਮੀਆਂ ਖ਼ਾਲੀ ਪਈਆਂ ਹਨ। ਸੀਨੀਅਰ ਕਾਂਗਰਸੀ ਆਗੂ ਬਾਜਵਾ ਨੇ ਕਿਹਾ ਕਿ ਕੇਂਦਰੀ ਸਿਹਤ ਮੰਤਰਾਲੇ ਅਤੇ ਪੰਜਾਬ ਦੀ ‘ਆਪ’ ਸਰਕਾਰ ਵਿਚਾਲੇ ਚੱਲ ਰਹੇ ਮਸਲੇ ਕਾਰਨ ਕੇਂਦਰ ਸਰਕਾਰ ਵੱਲੋਂ ਰਾਸ਼ਟਰੀ ਸਿਹਤ ਮਿਸ਼ਨ ਤਹਿਤ 650 ਰੁਪਏ ਜਾਰੀ ਨਹੀਂ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ 2022 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਆਮ ਆਦਮੀ ਪਾਰਟੀ ਦੇ ਸੁਪਰੀਮੋ ਅਤੇ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਸੂਬੇ ਵਿੱਚ ਬਿਹਤਰ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਦਾ ਵਾਅਦਾ ਕੀਤਾ ਸੀ। ਇਸ ਦੇ ਉਲਟ ਜਦੋਂ ਤੋਂ ‘ਆਪ’ ਨੇ ਪੰਜਾਬ ’ਚ ਸੱਤਾ ਹਾਸਲ ਕੀਤੀ ਹੈ, ਉਦੋਂ ਤੋਂ ਸਿਹਤ ਸੇਵਾਵਾਂ ਖ਼ਰਾਬ ਹੋ ਗਈਆਂ ਹਨ। ਬਾਜਵਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੇ ਸ਼ਾਸਨ ਕਾਲ ਦੌਰਾਨ ਪੰਜਾਬ ਵਿੱਚ ਸਿਹਤ ਸੇਵਾਵਾਂ ਬੁਰੀ ਤਰਾਂ ਟੁੱਟ ਗਈਆਂ ਹਨ। ਬਾਜਵਾ ਨੇ ਕਿਹਾ ਕਿ ਝਾੜੂ ਪਾਰਟੀ ਨੇ ਦਵਾਈਆਂ, ਅਪਰੇਸ਼ਨ ਅਤੇ ਟੈੱਸਟ ਮੁਫ਼ਤ ਦੇਣ ਦੀ ਗਰੰਟੀ ਵੀ ਦਿੱਤੀ ਸੀ। ਇਸ ਨੇ ਸਾਰੇ ਨਾਗਰਿਕਾਂ ਲਈ ਸਿਹਤ ਕਾਰਡ ਬਣਾਉਣ ਦਾ ਵਾਅਦਾ ਵੀ ਕੀਤਾ। ਇਹ ਸਭ ਕਦੋਂ ਹੋਵੇਗਾ ? ਆਪਣੀ ਧੱਕੇਸ਼ਾਹੀ ਚਲਾਉਣ ਲਈ ‘ਆਪ’ ਸਰਕਾਰ ਨੇ ਸੁਚਾਰੂ ਢੰਗ ਨਾਲ ਚੱਲ ਰਹੇ ਕਮਿਊਨਿਟੀ ਹੈਲਥ ਸੈਂਟਰਾਂ ਅਤੇ ਪੇਂਡੂ ਡਿਸਪੈਂਸਰੀਆਂ ਨੂੰ ਤਬਾਹ ਕਰ ਦਿੱਤਾ ਅਤੇ ਉਨ੍ਹਾਂ ਨੂੰ ਆਮ ਆਦਮੀ ਕਲੀਨਿਕਾਂ ਵਿੱਚ ਤਬਦੀਲ ਕਰ ਦਿੱਤਾ।


Nankana Sahib Yatra Committe Uk
pakistan gurdwara yatra
6th november to 16th november 2024
yatra includes 25+ gurudwara sahib darshan .Accommodation in hotels and travel within pakistan and yatra start to finish point in AC coaches
ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ
£1095
Important Note: The Jatha will depart from Jalandhar Punjab from 6th November Jalandhar to 16th November 2024 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1095 pounds including visa, transport, hotel stay and break fast.
Note: It does not include flight ticket and insurance, it has to be done by the passenger himself.
ਜਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 6 ਨਵੰਬਰ ਜਲੰਧਰ ਤੋਂ 16 ਨਵੰਬਰ 2024 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ ।ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਸਮੇਤ 1095 ਪੌਂਡ ਹੋਵੇਗਾ।
ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।
*-- ਗੁਰੂ ਪੰਥ ਦੇ ਸੇਵਾਦਾਰ --*
ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK
• ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
+447976210161
• ਭਾਈ ਬਲਜੀਤ ਸਿੰਘ ਕੰਗ/Bhai Baljit Singh Kang
+44 7780 605230
• ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
+44 7568 517223

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net

ਘੜੀਐ ਸਬਦੁ ਸਚੀ ਟਕਸਾਲ ॥
ਦਮਦਮੀ ਟਕਸਾਲ
ਨਾਮ ਜਪੋ
ਕਿਰਤ ਕਰੋ
ਵੰਡ ਛੱਕੋ
Naam Japo
Kirat Karo
Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net
ਵਾਹਿਗੁਰੂ ਜੀ ਕਾ ਖਾਲਸਾ॥ WAHEGURU JI KA KHALSA
ਵਾਹਿਗੁਰੂ ਜੀ ਕੀ ਫਤਹਿ॥ WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਬੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


24 SERVICE EVERYDAY HOURS
PURE AND NATURAL 100% VEGETARIAN
Enjoy Real Taste of PUNJAB
KD
FULLY A.C. HALL
Khehra VAISHNO DHABA
BREAKFAST
LUNCH
DINNER
OUR SPECIALIZATION : Au Important Ingredients used to Prepare Dishes are Grown in our own farmes.

Soup
Burger
Sandwich
Pizza
Grilled Breads
Continental Fast Food
Tandoori Snacks
Tandoori Breads
Biryani Khas
Beverages
Shakes
Desserts
Punjabi Snacks
South Indian
Kathi Roll
Pasta
Chines Food
Raita Salad

V.P.O. Mallian
Jalandhar-Amritsar G.T. Road
NEAR JANDIALA GURU
Contact
98610-00057, 99152-32757



We Accept Online & Card Payment



# ਪੰਜਾਬੀ
## ਸਿੱਖੋ ਬੋਲੋ ਪੜ੍ਹੋ ਲਿਖੋ

ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ

| | | | | |
|---|---|---|---|---|
| ੳ | ਅ | ੲ | ਸ | ਹ |
| ਕ | ਖ | ਗ | ਘ | ਙ |
| ਚ | ਛ | ਜ | ਝ | ਞ |
| ਟ | ਠ | ਡ | ਢ | ਣ |
| ਤ | ਥ | ਦ | ਧ | ਨ |
| ਪ | ਫ | ਬ | ਭ | ਮ |
| ਯ | ਰ | ਲ | ਵ | ੜ |
| ਸ਼ | ਖ਼ | ਗ਼ | ਜ਼ | ਫ਼ | ਲ਼ |

Love Maa Boli Punjabi

www.damdamitaksal.net

ਮੁਕਤਾ, ਾ ਕੰਨਾ, ਿ ਸਿਹਾਰੀ, ੀ ਬਿਹਾਰੀ
ੁ ਔਂਕੜ, ੂ ਦੁਲੈਂਕੜ, ੇ ਲਾਂ, ੈ ਦੁਲਾਵਾਂ
ੋ ਹੋੜਾ, ੌ ਕਨੌੜਾ, ੰ ਟਿੱਪੀ, ਾਂ ਕੰਨਾ-ਬਿੰਦੀ

www.damdamitaksal.net

੧ ੨ ੩ ੪ ੫ ੬ ੭ ੮ ੯ ੧੦

www.damdamitaksal.net
Learn Speak Read Write PUNJABI



ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਸਲਾਨਾ ਜੋੜ ਮੇਲਾ
ਜਥੇਦਾਰ ਬਾਬਾ ਖੜਕ ਸਿੰਘ ਨਿਹੰਗ ਸਿੰਘ ਜੀ
ਧੰਨ–ਧੰਨ ਮਾਤਾ ਸਾਹਿਬ ਕੌਰ ਜੀ
ਗੁਰਮਤਿ ਸਮਾਗਮ
3 ਨਵੰਬਰ 2024 ਦਿਨ ਐਤਵਾਰ ਨੂੰ
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ
ਗੁਰਦੁਆਰਾ ਸ਼ਹੀਦਾਂ, ਜੱਸੋਵਾਲ
(ਬੱਬਰਾਂ ਦਾ ਹਾਈਕੋਰਟ)
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ,
ਪ੍ਰਧਾਨ ਭਾਈ ਲਾਲੋ ਜੀ ਸੰਤ ਸਮਾਜ, ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਸੰਪਰਕ ਨੰਬਰ
98141-27470


ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ
ਰੰਧਾਵਾ ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।
ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446


ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ਼ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote




ਵਾਹਿਗੁਰੂ ਜੀ ਕਾ ਖਾਲਸਾ ।
ਵਾਹਿਗੁਰੂ ਜੀ ਕੀ ਫ਼ਤਹਿ ॥





## ਧੰਨ ਧੰਨ ਬਾਬਾ ਦਾਸਾ ਜੀ ਦੇ 70ਵੇਂ ਸਲਾਨਾ ਜੋੜ-ਮੇਲੇ ਦੀ ਮਿੱਠੀ ਯਾਦ ਵਿਚ ਪਿੰਡ ਸਲੇਮਪੁਰ ਮਸੰਦਾਂ ਦੀ ਸਮੂੰਹ ਸਾਧ ਸੰਗਤ ਵਲੋਂ ਗੁਰੂ ਨਾਨਕ ਗੁਰਦੁਆਰਾ ਵਾਲਸਾਲ ਰੋਡ ਵਿਲਨਹਾਲ ਵਿਖੇ

# ਧਾਰਮਿਕ ਸਮਾਗਮ 30 ਜੂਨ 2024, ਦਿਨ ਐਤਵਾਰ

ਗੁਰੂ ਪਿਆਰੀ ਸਾਧ ਸੰਗਤ ਜੀਓ, ਧੰਨ ਧੰਨ ਬਾਬਾ ਦਾਸਾ ਜੀ ਦੇ 70ਵੇਂ ਸਲਾਨਾ ਜੋੜ-ਮੇਲੇ ਦੀ ਮਿੱਠੀ ਯਾਦ ਵਿੱਚ ਪਿੰਡ ਸਲੇਮਪੁਰ ਮਸੰਦਾਂ ਦੀ ਸਾਧ ਸੰਗਤ ਦੇ ਸਹਿਯੋਗ ਨਾਲ 30 ਜੂਨ 2024 ਦਿਨ ਐਤਵਾਰ ਨੂੰ ਧਾਰਮਿਕ ਸਮਾਗਮ ਕਰਵਾਏ ਜਾ ਰਹੇ ਹਨ। ਸੋ ਸਮੂੰਹ ਸਾਧ ਸੰਗਤ ਅਤੇ ਪਿੰਡ ਸਲੇਮਪੁਰ ਮਸੰਦਾਂ ਦੇ ਨਗਰ ਨਿਵਾਸੀਆਂ ਨੂੰ ਨਿਮਰਤਾ ਸਹਿਤ ਬੇਨਤੀ ਹੈ ਕਿ ਸਮਾਗਮ ਦੀ ਰੌਣਕ ਵਧਾਉਣ ਲਈ ਪਰਿਵਾਰਾਂ ਸਮੇਤ ਸ਼ਾਮਲ ਹੋ ਕੇ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰੋ ਜੀ।

### --✶ ਪ੍ਰੋਗਰਾਮ ✶--

☛ ਆਰੰਭ ਸ੍ਰੀ ਆਖੰਡਪਾਠ ਸਾਹਿਬ ਦਿਨ ਸ਼ੁਕਰਵਾਰ 28 ਜੂਨ 2024 ਸਵੇਰੇ 9:00 ਵਜੇ

☛ ਭੋਗ ਸ੍ਰੀ ਆਖੰਡਪਾਠ ਸਾਹਿਬ ਦਿਨ ਐਤਵਾਰ 30 ਜੂਨ 2024 ਸਵੇਰੇ 10 ਵਜੇ

☛ ਉਪਰੰਤ ਭਾਰੀ ਦੀਵਾਨ ਸਜਾਏ ਜਾਣਗੇ, ਜਿਸ ਵਿੱਚ ਗੁਰਬਾਣੀ ਕੀਰਤਨ (11.00 ਵਜੇ ਸਵੇਰੇ) ਅਤੇ ਕਥਾ ਦੁਆਰਾ ਜਥੇ ਸੰਗਤਾਂ ਨੂੰ ਨਿਹਾਲ ਕਰਨਗੇ

☛ ਤਿੰਨੋਂ ਦਿਨ ਗੁਰੂ ਕਾ ਲੰਗਰ ਅਤੁੱਟ ਵਰਤੇਗਾ

"WAHEGURU JI KA KHALSA
WAHEGURU JI KI FATEH"
On the special occasion of
DHAN DHAN BABA DASSA JI'S
70TH ANNUAL MELA
AKHAND PATH SAHIB
at
Guru Nanak Sikh Gurudwara Sahib
65-67 Walsall Rd, Willenhall
WV13 2RD,
United Kingdom

*Your presence is requested to attend as per programme*
*DATES: 28th June 2024 to 30th June 2024*
*28th June*
*Arambh Sri Akhand Path Sahib:9:00am*
*30th June*
*Bhog Sri Akhand Path Sahib: 10:00am*
*Kirtan: 11:00am*
*Langar: After kirtan*
*FROM:*
*ALL SANGAT OF SALEMPUR MASSANDAN*

ਗੁਰਦੁਆਰਾ ਸਾਹਿਬ ਦਾ ਪਤਾ : **Guru Nanak Gurdawara, 65-67 Walsall Road, Willenhall, WV 13 2RD**

30 ਜੂਨ, ਦਿਨ ਐਤਵਾਰ ਨੂੰ ਪ੍ਰੋਗਰਾਮ ਦਾ ਲਾਈਵ ਪ੍ਰਸਾਰਣ ਦੁਨੀਆਂ ਭਰ ਵਿੱਚ ਆਵਾਜ਼ਿ ਕੌਮ ਵੈੱਬ ਟੀ. ਵੀ. 'ਤੇ ਦੇਖਿਆ ਜਾ ਸਕਦਾ ਹੈ।

**ਬੇਨਤੀ ਕਰਤਾ : ਇੰਗਲੈਂਡ ਨਿਵਾਸੀ ਸਾਧ ਸੰਗਤ, ਪਿੰਡ ਸਲੇਮਪੁਰ ਮਸੰਦਾਂ ਜ਼ਿਲ੍ਹਾ ਜਲੰਧਰ (ਪੰਜਾਬ)**

# HAYES PLANT HIRE

WE TRAIN YOU GAIN

NPORS ACCREDITED


Telescopic Handler


Excavator 360


Road Roller


Forward Tipping Dumper


Tractor


Dozer

Plant Training and Testing on All CATEGORIES OF MACHINERY.


Dump Truck

# HAYES PLANT HIRE

ਉਪਰੋਕਤ ਮਸ਼ੀਨਾਂ ਦੇ ਲਾਇਸੈਂਸ ਪ੍ਰਾਪਤ ਕਰਨ ਲਈ ਸੰਪਰਕ ਕਰੋ

NROPS Accredited

ਉਪਰੋਕਤ ਹਰ ਤਰ੍ਹਾਂ ਦੀ ਮਸ਼ੀਨਰੀ ਦੀ ਟਰੇਨਿੰਗ ਅਤੇ ਟੈਸਟਿੰਗ ਦੀ ਸਿਖਲਾਈ ਦਿੱਤੀ ਜਾਂਦੀ ਹੈ।

**CONTACT- 07831543004**

Hollis Farm, Clay Cross Chesterfield. S45 9BA

01246864370

ਆਵਾਜ਼ਿ ਕੌਮ AWAZE QAUM International Newspaper & WEB TV


CALL US TO BOOK YOUR CSCS LEVEL ONE COURSE.

**07715 1-28621**


ਸ੍ਰੀ ਅਕਾਲ ਸਹਾਇ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਇਲਾਕਾ ਨਿਵਾਸੀ ਸੰਗਤਾਂ ਦੇ ਸਹਿਯੋਗ ਨਾਲ
ਗੁਰਮਤਿ ਸਿਖਲਾਈ ਕੈਂਪ 2024 ਸਮਾਪਤੀ ਸਮਾਗਮ
ਗੁਰਦੁਆਰਾ ਗੁਰੂ ਨਾਨਕ ਪੁਰਾ ਨਾਰਨੌਲ ਅਤੇ ਗੁਰਦੁਆਰਾ ਕਿਰਾਰੌਦ ਨਾਰਨੌਲ (ਹਰਿਆਣਾ)
ਇਸ ਕੈਂਪ ਦੀ ਸਮਾਪਤੀ ਦਾ ਸਮਾਗਮ ਮਿਤੀ- 29 ਜੂਨ 2024 ਨੂੰ ਸਵੇਰੇ 10:00 ਤੋਂ ਦੁਪਹਿਰ 01:00 ਵਜੇ ਤੱਕ ਹੋਵੇਗਾ।
ਪੁੱਜ ਰਹੇ ਜੱਥੇ
ਕੈਂਪ ਵਿੱਚ ਭਾਗ ਲੈਣ ਵਾਲੇ ਬੱਚਿਆਂ ਨੂੰ ਸਨਮਾਨਿਤ ਕੀਤਾ ਜਾਵੇਗਾ।
ਗੁਰੂ ਕਾ ਲੰਗਰ ਅਤੁੱਟ ਵਰਤੇਗਾ।
ਭਾਈ ਗੁਰਸੇਵਕ ਸਿੰਘ ਚਮਕਾਰਾ, ਢਾਡੀ ਜੱਥਾ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਭਾਈ ਗੁਰਸੇਵਕ ਸਿੰਘ ਰੰਗੀਲਾ
ਹਜ਼ੂਰੀ ਰਾਗੀ ਜੱਥਾ ਗੁ: ਦਾਦੂ ਸਾਹਿਬ (ਸਿਰਸਾ)
ਜਥੇਦਾਰ ਭੁਪਿੰਦਰ ਸਿੰਘ ਅਸੰਧ
ਪ੍ਰਧਾਨ,
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਸ. ਸੁਖਵਿੰਦਰ ਸਿੰਘ ਮੰਡੇਬਰ
ਜਰਨਲ ਸਕੱਤਰ,
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਸ. ਤਜਿੰਦਰਪਾਲ ਸਿੰਘ ਨਾਰਨੌਲ
ਅੰਤ੍ਰਿੰਗ ਮੈਂਬਰ,
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਧਰਮ ਪ੍ਰਚਾਰ,
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਬੇਨਤੀ ਕਰਤਾ- ਸਕੱਤਰ ਧਰਮ ਪ੍ਰਚਾਰ ਹਰਿਅਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸਮੂੰਹ ਸਾਧ ਸੰਗਤ ਨਾਰਨੌਲ।


ਸ੍ਰੀ ਅਕਾਲ ਸਹਾਇ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਇਲਾਕਾ ਨਿਵਾਸੀ ਸੰਗਤਾਂ ਦੇ ਸਹਿਯੋਗ ਨਾਲ
ਗੁਰਮਤਿ ਸਿਖਲਾਈ ਕੈਂਪ 2024 ਸਮਾਪਤੀ ਸਮਾਗਮ
ਗੁਰਦੁਆਰਾ ਬੰਗਲਾ ਸਾਹਿਬ ਰੋਹਤਕ ਵਿਖੇ ਮਿਤੀ 30 ਜੂਨ 2024 ਐਤਵਾਰ
ਸਵੇਰੇ 10:00 ਵਜੇ ਤੋਂ ਦੁਪਹਿਰ 2:00 ਵਜੇ ਤੱਕ
ਕੀਰਤਨ :
★ ਹਜ਼ੂਰੀ ਰਾਗੀ ਜੱਥਾ ਗੁਰਦੁਆਰਾ ਬੰਗਲਾ ਸਾਹਿਬ
★ ਬੱਚਿਆਂ ਦੁਆਰਾ ਸ਼ਬਦ ਕੀਰਤਨ
★ ਭਾਈ ਗੁਰਸੇਵਕ ਸਿੰਘ ਚਮਕਾਰਾ ਢਾਡੀ ਜੱਥਾ
★ ਭਾਈ ਗੁਰਸੇਵਕ ਸਿੰਘ ਰੰਗੀਲਾ ਰਾਗੀ ਜੱਥਾ
ਮਿਤੀ 30 ਜੂਨ 2024 ਦਿਨ ਐਤਵਾਰ ਦੁਪਹਿਰ 12:30 ਵਜੇ ਅੰਮ੍ਰਿਤ ਸੰਚਾਰ ਹੋਵੇਗਾ ਜੀ। ਨੋਟ : ਕਕਾਰ ਭੇਟਾ ਰਹਿਤ ਦਿੱਤੇ ਜਾਣਗੇ ਜੀ।
ਅੰਮ੍ਰਿਤ ਛਕਣ ਦੇ ਅਭਿਲਾਖੀ ਆਪਣਾ ਨਾਮ ਗੁਰਦੁਆਰਾ ਦਫਤਰ ਵਿੱਚ ਲਿਖਵਾਉਣ ਦੀ ਕ੍ਰਿਪਾਲਤਾ ਕਰੋ ਜੀ।
ਉਪਰੰਤ ਅਰਦਾਸ ਅਤੇ ਗੁਰੂ ਦਾ ਲੰਗਰ ਅਤੁਟ ਵਰਤੇਗਾ।
ਜਥੇਦਾਰ ਭੁਪਿੰਦਰ ਸਿੰਘ ਜੀ ਅਸੰਧ
(ਪ੍ਰਧਾਨ H.S.G.M.C.)
ਸ0 ਸੁਖਵਿੰਦਰ ਸਿੰਘ ਮੰਡੇਬਰ
ਜਨਰਲ ਸਕੱਤਰ
H.S.G.M.C.
ਸ0 ਹਰਭਜਨ ਸਿੰਘ ਰਾਠੋਰ
ਮੈਂਬਰ H.S.G.M.C.
M. 9896003836
ਬੀਬੀ ਪਰਮਿੰਦਰ ਕੌਰ ਜੀਂਦ
ਮੈਂਬਰ H.S.G.M.C.
M. 9416933570
ਸ0 ਸੁਦਰਸ਼ਨ ਸਿੰਘ ਭਿਵਾਨੀ
ਅੰਤ੍ਰਿੰਗ ਮੈਂਬਰ H.S.G.M.C
M. 9813102031
ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਧਰਮ ਪ੍ਰਚਾਰ
H.S.G.M.C.
ਬੇਨਤੀ ਕਰਤਾ :
ਸਕੱਤਰ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਮੈਨੇਜਰ, ਗੁਰਦੁਆਰਾ ਬੰਗਲਾ ਸਾਹਿਬ, ਰੋਹਤਕ (ਹਰਿਆਣਾ)
ਸੰਪਰਕ ਨੰ0 9813230906, 9896003836, 9911325568, 9996001561
* Arun Printers, Quilla Mohalla, Rohtak. Ph. 9896455615


ਸ੍ਰੀ ਅਕਾਲ ਤਖਤ ਸਾਹਿਬ (ਸ੍ਰੀ ਹਰਿਮੰਦਰ ਸਾਹਿਬ) ਉੱਤੇ ਹਿੰਦੁਸਤਾਨੀ ਹਕੂਮਤ ਵਲੋ ੪੦
ਸਾਲ ਪਹਿਲਾਂ ਹੋਏ ਹਮਲੇ ਅਤੇ ਜੂਨ ੧੯੮੪ ਦੇ ਘੱਲੂਘਾਰੇ ਦੇ ਸ਼ਹੀਦਾਂ ਦੀ ਯਾਦ ਵਿੱਚ
ਸ਼ਹੀਦੀ ਸਮਾਗਮ
ਗੁਰੂ ਨਾਨਕ ਗੁਰਦੁਆਰਾ ਵੁਲਵਰਹੈਂਪਟਨ
(ਸੈਜਲੀ ਸਟਰੀਟ), WV2 3AJ ਵਿਖੇ
ਸਨਿਚਰਵਾਰ ੬ ਜੁਲਾਈ ਅਤੇ ਐਤਵਾਰ ੭ ਜੁਲਾਈ ੨੦੨੪ ਨੂੰ
ਸ਼ਹੀਦੀ ਸਮਾਗਮ ਰੱਖੇ ਗਏ ਨੇ।
ਸਨਿਚਰਵਾਰ ੫ ਵਜੇ ਤੋਂ ੮:੩੦ ਵਜੇ ਤਕ (ਹਾਲ ੪)
ਐਤਵਾਰ ੧੧:੩੦ ਵਜੇ ਤੋਂ ੪ ਵਜੇ ਤਕ (ਮੇਨ ਹਾਲ)
ਵਲੋਂ: ਦਮਦਮੀ ਟਕਸਾਲ ਜਥਾ ਯੂਕੇ ਅਤੇ ਯੂਰਪ ਅਤੇ ਸਮੂਹ ਸਾਧ ਸੰਗਤ
ORGANISED BY: DAMDAMI TAKSAL UK & EUROPE AND SADH SANGAT
SHAHEEDI
SMAGAM
IN REMEMBRANCE OF THE SHAHEEDS OF 1984
GURU NANAK GURDWARA | 191 DUNCAN ST, WOLVERHAMPTON WV2 3AJ
SATURDAY 6TH (HALL 4)
5PM-8:30PM
SUNDAY 7TH (MAIN HALL)
11:30AM-4PM
AT GNG SEDGLEY STREET
GIANI SATNAM SINGH JI DAMDAMI TAKSAL
GIANI NAVDEEP SINGH JI AJNALA
GIANI SUKHRAJ SINGH JI DAMDAMI TAKSAL
BHAI AMANDEEP SINGH JI SRI DARBAR SAHIB
BHAI MAHADEEP SINGH JI SRI DARBAR SAHIB
DHADI JATHA GIANI TARLOCHAN SINGH BHAMADI
BHAI BALDEV SINGH JI DAMDAMI TAKSAL
BHAI GURJEET SINGH JI DAMDAMI TAKSAL
BHAI SUKHJINDER SINGH
BHAI HARI SINGH JI
GIANI GURJINDER SINGH JI DAMDAMI TAKSAL
GIANI BALBIR SINGH DAMDAMI TAKSAL
DHADI RASAAL SINGH CHOLA SAHIB
BHAI HARJINDER SINGH JI 07956 007 161 | GIANI GURJINDER SINGH JI 07400 830 403
BHAI GURJIT SINGH JI 07508 943 570 | BHAI BHERVINDER SINGH JI 07985 246 484
DAMDAMI TAKSAL JATHA (UK & EUROPE)
SIKH INSPIRE
40
1984
ਸਚਖੰਡ ਵਾਸੀ ਸੰਤ ਬਾਬਾ ਠਾਕੁਰ
ਸਿੰਘ ਜੀ ਖਾਲਸਾ ਭਿੰਡਰਾਂਵਾਲੇ
ਕਾਰਜਕਾਰੀ ਮੁਖੀ ਦਮਦਮੀ ਟਕਸਾਲ
ਦੇ ਅਸ਼ੀਰਵਾਰ ਸਦਕਾ
ਆਵਾਜ਼ਿ ਕੌਮ
AWAZE QAUM
International Newspaper & WEB TV




### ਅਫਗਾਨੀ ਸਿੱਖਾਂ ਦੀ ਮਦਦ ਮਾਮਲੇ 'ਤੇ ਕੈਨੇਡਾ ਦੇ

# ਸਿੱਖ ਮੰਤਰੀ ਹਰਜੀਤ ਸਿੰਘ ਸੱਜਣ ਫਿਰਕੂ ਤਾਕਤਾਂ ਦੇ ਨਿਸ਼ਾਨੇ 'ਤੇ ਆਏ



ਨਵੀਂ ਦਿੱਲੀ 28 ਜੂਨ (ਮਨਪ੍ਰੀਤ ਸਿੰਘ ਖਾਲਸਾ):-ਕੈਨੇਡਾ ਦੇ ਰੱਖਿਆ ਮੰਤਰੀ ਰਹਿ ਚੁੱਕੇ ਹਰਜੀਤ ਸਿੰਘ ਸੱਜਣ ਵਿਰੁੱਧ ਗੰਭੀਰ ਦੋਸ਼ ਲਾਉਂਦੀ ਇਕ ਰਿਪੋਰਟ ਸਾਹਮਣੇ ਆਈ ਹੈ। ਕੈਨੇਡਾ ਦੀ ਅਖ਼ਬਾਰ 'ਦਾ ਗਲੋਬ ਐਂਡ ਮੇਲ' ਦੀ ਰਿਪੋਰਟ ਵਿਚ ਦਾਅਵਾ ਕੀਤਾ ਗਿਆ ਹੈ ਕਿ ਜਦੋਂ ਤਿੰਨ ਸਾਲ ਪਹਿਲਾਂ ਅਫਗਾਨਿਸਤਾਨ ਵਿਚ ਤਾਲਿਬਾਨ ਕਾਬਜ਼ ਹੋ ਰਿਹਾ ਸੀ ਤਾਂ ਹਰਜੀਤ ਸਿੰਘ ਸੱਜਣ ਵੱਲੋਂ ਕਾਬੁਲ ਵਿਖੇ ਫਸੇ 225 ਸਿੱਖਾਂ ਨੂੰ ਸੁਰੱਖਿਅਤ ਕੱਢਣ ਦੀ ਜ਼ਿੰਮੇਵਾਰ ਕੈਨੇਡੀਅਨ ਫੌਜ ਨੂੰ ਸੌਂਪੀ ਗਈ ਜਦਕਿ ਦੂਜੇ ਪਾਸੇ ਵੱਡੀ ਗਿਣਤੀ ਵਿਚ ਕੈਨੇਡੀਅਨ ਨਾਗਰਿਕਾਂ ਨੂੰ ਕੱਢਿਆ ਜਾਣਾ ਬਾਕੀ ਸੀ। ਉਧਰ ਹਰਜੀਤ ਸਿੰਘ ਨੇ ਇਕ ਬਿਆਨ ਜਾਰੀ ਕਰਦਿਆਂ ਕਿਹਾ ਉਨ੍ਹਾਂ ਵੱਲੋਂ ਫੌਜ ਨੂੰ ਅਜਿਹਾ ਕੋਈ ਹੁਕਮ ਨਹੀਂ ਦਿਤਾ ਗਿਆ। ਹਰਜੀਤ ਸਿੰਘ ਸੱਜਣ ਨੇ ਦਾਅਵਾ ਕੀਤਾ ਕਿ ਅਫਗਾਨਿਸਤਾਨ ਵਿਚ ਸਿੱਖਾਂ ਨੂੰ ਕੈਨੇਡੀਅਨ ਨਾਗਰਿਕਤਾਂ ਤੋਂ ਵੱਧ ਅਹਿਮੀਅਤ ਨਹੀਂ ਦਿਤੀ ਗਈ। ਅਗਸਤ 2021 ਦੇ ਹਾਲਾਤ ਬਿਆਨ ਕਰਦਿਆਂ ਉਨ੍ਹਾਂ ਕਿਹਾ ਕਿ ਇਕ ਕੈਨੇਡੀਅਨ ਸਿੱਖ ਜਥੇਬੰਦੀ ਤੋਂ ਮਿਲੀ ਜਾਣਕਾਰੀ ਨੂੰ ਫੌਜ ਨਾਲ ਸਿਰਫ ਸਾਂਝਾ ਕੀਤਾ ਗਿਆ ਸੀ। ਇਸ ਦੇ ਉਲਟ 'ਦਾ ਗਲੋਬ ਐਂਡ ਮੇਲ' ਦੀ ਰਿਪੋਰਟ ਵਿਚ ਉਸ ਵੇਲੇ ਦੇ ਘਟਨਾਕ੍ਰਮ ਨੂੰ ਵੱਖੋ ਵੱਖਰੇ ਤਰੀਕੇ ਨਾਲ ਪੇਸ਼ ਕੀਤਾ ਗਿਆ ਹੈ।

ਮੀਡੀਆ ਵਿਚ ਆਈ ਖ਼ਬਰ ਮੁਤਾਬਿਕ ਬੀ.ਸੀ. ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਹਰਜੀਤ ਸਿੰਘ ਸੱਜਣ ਨੇ 'ਦਾ ਗਲੋਬ ਐਂਡ ਮੇਲ' ਦੇ ਦਾਅਵੇ ਨੂੰ ਸਰਾਸਰ ਬੇਤੁਕਾ ਕਰਾਰ ਦਿਤਾ। ਉਨ੍ਹਾਂ ਕਿਹਾ ਕਿ ਅਫਗਾਨ ਸਿੱਖਾਂ ਨੂੰ ਸੁਰੱਖਿਅਤ ਕੱਢਣਾ ਫੈਡਰਲ ਸਰਕਾਰ ਦੀ ਨੀਤੀ ਰਹੀ ਅਤੇ ਵੱਧ ਤੋਂ ਵੱਧ ਲੋਕਾਂ ਨੂੰ ਸੁਰੱਖਿਅਤ ਕੱਢਣ ਦੇ ਯਤਨ ਕੀਤੇ ਗਏ। ਹਰਜੀਤ ਸਿੰਘ ਸੱਜਣ ਨੇ ਦਲੀਲ ਦਿਤੀ ਕਿ ਉਨ੍ਹਾਂ ਨੂੰ ਸਿਰਫ ਇਸ ਕਰ ਕੇ ਨਿਸ਼ਾਨਾ ਬਣਾਇਆ ਜਾ ਰਿਹਾ ਹੈ ਕਿਉਂਕਿ ਉਹ ਇਕ ਸਿੱਖ ਹਨ। ਜੇ ਉਹ ਸਿੱਖ ਨਾ ਹੁੰਦੇ ਤਾਂ ਅਫਗਾਨ ਸਿੱਖਾਂ ਦੀ ਮਦਦ ਲਈ ਕੀਤੇ ਯਤਨਾਂ ਬਾਰੇ ਕੋਈ ਸਵਾਲ ਨਾ ਉਠਦਾ। ਵਰਲਡ ਸਿੱਖ ਆਰਗੇਨਾਈਜ਼ੇਸ਼ਨ ਵੱਲੋਂ ਹਰਜੀਤ ਸਿੰਘ ਸੱਜਣ ਦੇ ਇਸ ਦਾਅਵੇ ਨਾਲ ਸਹਿਮਤੀ ਪ੍ਰਗਟਾਈ ਗਈ ਹੈ। ਜਥੇਬੰਦੀ ਨੇ ਕਿਹਾ ਕਿ ਫੈਡਰਲ ਮੰਤਰੀ ਵਿਰੁੱਧ ਲੱਗੇ ਦੋਸ਼ ਪੂਰੀ ਤਰ੍ਹਾਂ ਗੈਰਵਾਜਬ ਹਨ ਅਤੇ ਇਨ੍ਹਾਂ ਦਾ ਮਕਸਦ ਸਿਰਫ ਸਿੱਖਾਂ ਨਾਲ ਵਿਤਕਰਾ ਦੀ ਸੋਚ ਨੂੰ ਉਭਾਰਨਾ ਹੈ। ਜਥੇਬੰਦੀ ਨੇ ਦੱਸਿਆ ਕਿ 25 ਕੈਨੇਡੀਅਨ ਐਮ.ਪੀਜ਼ ਵੱਲੋਂ ਪਾਰਟੀ ਹੱਦਾਂ ਤੋਂ ਉਪਰ ਉਠ ਕੇ ਜੁਲਾਈ 2020 ਵਿਚ ਉਸ ਵੇਲੇ ਇੰਮੀਗ੍ਰੇਸ਼ਨ ਮੰਤਰੀ ਮਾਰਕੋ ਮੈਂਡੀਚੀਨੋ ਨੂੰ ਇਕ ਪੱਤਰ ਲਿਖਦਿਆਂ ਅਫਗਾਨ ਸਿੱਖਾਂ ਅਤੇ ਹਿੰਦੂਆਂ ਵਾਸਤੇ ਵਿਸ਼ੇਸ਼ ਯੋਜਨਾ ਉਲੀਕਣ ਦਾ ਸੱਦਾ ਦਿਤਾ ਗਿਆ ਜਿਥੇ ਘੱਟ ਗਿਣਤੀਆਂ ਨੂੰ ਆਤਮਘਾਤੀ ਹਮਲਿਆਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ। ਦੂਜੇ ਪਾਸੇ ਇਸ ਵਿਵਾਦ ਬਾਰੇ ਕੌਮੀ ਰੱਖਿਆ ਮੰਤਰਾਲੇ ਨੇ ਕਿਹਾ ਕਿ ਅਫਗਾਨਿਸਤਾਨ ਵਿਚੋਂ ਲੋਕਾਂ ਨੂੰ ਕੱਢਣ ਦੀ ਕਾਰਵਾਈ ਕੈਨੇਡਾ ਸਰਕਾਰ ਦੀਆਂ ਹਦਾਇਤਾਂ ਮੁਤਾਬਕ ਕੀਤੀ ਗਈ।

# ਗੁਰੂ ਕਾਸ਼ੀ ਯੂਨੀਵਰਸਿਟੀ ਵੱਲੋਂ ਯੂਨੀਵਰਸਿਟੀ ਗ੍ਰਾਂਟ ਕਮਿਸ਼ਨ ਦੇ ਆਦੇਸ਼ ਅਨੁਸਾਰ ਸਾਲ ਵਿੱਚ ਦੋ ਵਾਰ ਦਾਖ਼ਲਾ ਸ਼ੁਰੂ

ਤਲਵੰਡੀ ਸਾਬੋ, 28 ਜੂਨ (ਗੁਰਜੰਟ ਸਿੰਘ ਨਥੇਹਾ)- ਗੁਰੂ ਕਾਸ਼ੀ ਯੂਨੀਵਰਸਿਟੀ ਦੇ ਉਪ ਕਲੁਪਤੀ ਪ੍ਰੋ. (ਡਾ.) ਐਸ.ਕੇ.ਬਾਵਾ ਦੀ ਪ੍ਰਧਾਨਗੀ ਹੇਠ ਹੋਈ 18ਵੀਂ ਅਕਾਦਮਿਕ ਕੌਂਸਲ ਦੀ ਮੀਟਿੰਗ ਵਿੱਚ ਸਿੱਖਿਆ



ਸ਼ਾਸਤਰੀ ਅਤੇ ਮਾਹਿਰਾਂ ਵੱਲੋਂ ਯੂਨੀਵਰਸਿਟੀ ਗ੍ਰਾਂਟ ਕਮਿਸ਼ਨ ਦੇ ਪੱਤਰ ਨੰ: 6.1-2/2024(3♦♦-99)(3.©✿.143903) ਮਿਤੀ 19 ਜੂਨ 2024 ਦੇ ਨਿਰਦੇਸ਼ ਅਨੁਸਾਰ ਸਾਲ ਵਿੱਚ ਦੋ ਵਾਰ ਵਿਦਿਆਰਥੀਆਂ ਦੇ ਦਾਖਲੇ ਨੂੰ ਪ੍ਰਵਾਨਗੀ ਦਿੱਤੀ ਗਈ ਹੈ। ਇਸ ਬਾਰੇ ਜਾਣਕਾਰੀ ਦਿੰਦਿਆਂ ਡਾ. ਬਾਵਾ ਨੇ ਦੱਸਿਆ ਕਿ ਵਿਦਿਆਰਥੀਆਂ ਦੇ ਉੱਜਵਲ ਭਵਿੱਖ ਨੂੰ ਧਿਆਨ ਵਿੱਚ ਰੱਖਦੇ ਹੋਏ 'ਵਰਸਿਟੀ ਵੱਲੋਂ ਅਕਾਦਮਿਕ ਸੈਸ਼ਨ 2024-25 ਲਈ ਦਾਖਲੇ ਅਗਸਤ 2024 ਅਤੇ ਜਨਵਰੀ 2025 ਵਿੱਚ ਕੀਤੇ ਜਾਣਗੇ। ਉਨ੍ਹਾਂ ਆਪਣੀ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਉਪਰੋਕਤ ਪੱਤਰ ਵਿੱਚ ਦਿੱਤੇ ਗਏ ਨਿਰਦੇਸ਼ ਦੇ ਲਾਗੂ ਹੋਣ ਨਾਲ ਵਿਦਿਆਰਥੀਆਂ ਦਾ ਕੀਮਤੀ ਸਮਾਂ ਖਰਾਬ ਨਹੀਂ ਹੋਵੇਗਾ। ਕਿਉਂਕਿ ਜੇਕਰ ਕੋਈ ਵਿਦਿਆਰਥੀ ਕਿਸੇ ਮਜ਼ਬੂਰੀ ਕਾਰਨ ਅਗਸਤ ਵਿੱਚ ਦਾਖਿਲਾ ਲੈਣ ਤੋਂ ਖੁੰਝ ਜਾਂਦਾ ਹੈ ਤਾਂ ਉਹ ਜਨਵਰੀ ਵਿੱਚ ਦਾਖਲਾ ਲੈ ਸਕਦਾ ਹੈ ਜਦਕਿ ਪੁਰਾਣੇ ਨਿਯਮਾਂ ਅਨੁਸਾਰ ਵਿਦਿਆਰਥੀ ਨੂੰ ਅਗਲੇ ਸਾਲ ਅਗਸਤ ਮਹੀਨੇ ਦਾ ਇੰਤਜ਼ਾਰ ਕਰਨਾ ਪੈਂਦਾ ਸੀ, ਇਸ ਨਿਰਦੇਸ਼ ਦੇ ਲਾਗੂ ਹੋਣ ਕਾਰਨ ਵਿਦਿਆਰਥੀਆਂ ਦੇ ਛੇ ਮਹੀਨੇ ਬੱਚ ਜਾਣਗੇ। ਡਾ. ਬਾਵਾ ਨੇ ਇਹ ਵੀ ਦੱਸਿਆ ਕਿ ਸਿੱਖਿਆ ਮਾਹਿਰਾਂ ਦੀ ਰਾਏ ਅਨੁਸਾਰ ਜੀ.ਕੇ.ਯੂ. ਵੱਲੋਂ ਸਮੇਂ, ਸਮਾਜਿਕ ਅਤੇ ਉਦਯੋਗਿਕ ਲੋੜਾਂ ਅਨੁਸਾਰ ਨਵੀਂ ਸਿੱਖਿਆ ਨੀਤੀ-2020 ਦੇ ਦਿਸ਼ਾ ਨਿਰਦੇਸ਼ਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਨਵੇਂ ਸਿਲੇਬਸ ਤਿਆਰ ਕੀਤੇ ਗਏ ਹਨ ਅਤੇ ਸੈਸ਼ਨ 2024-25 ਲਈ ਨਵੇਂ ਪ੍ਰੋਗਰਾਮ ਸ਼ੁਰੂ ਕੀਤੇ ਜਾ ਰਹੇ ਹਨ। ਉਨ੍ਹਾਂ ਵਿਦਿਆਰਥੀਆਂ ਨੂੰ ਇਸ ਦਾ ਵੱਧ ਤੋਂ ਵੱਧ ਲਾਹਾ ਲੈਣ ਦੀ ਪ੍ਰੇਰਣਾ ਦਿੱਤੀ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਗੁਰੂਘਰ ਦੇ ਕੀਰਤਨੀਏ ਬਾਬਾ ਭਗਵੰਤ ਸਿੰਘ ਢੀਂਡਸੇ ਵਾਲਿਆਂ ਦੀ ਅੰਤਿਮ ਅਰਦਾਸ ਸਮੇਂ ਸਿੱਖ ਸੰਗਤਾਂ ਦਾ ਆਇਆ ਹੜ

# ਬੇਅੰਤ ਸੰਤ ਮਹਾਂਪੁਰਸ਼ ਪ੍ਰਚਾਰਕਾਂ ਨੇ ਕਥਾ ਕੀਰਤਨ ਦੀ ਭਰੀ ਹਾਜ਼ਰੀ

### ਜਥੇਦਾਰ ਦਾਦੂਵਾਲ ਜੀ ਨੇ ਨਿਭਾਈਆਂ ਪ੍ਰੀਵਾਰ ਨਾਲ ਸਮੂੰਹ ਅੰਤਿਮ ਰਸਮਾਂ




**ਪਟਿਆਲਾ, 28 ਜੂਨ (ਆਵਾਜ਼ਿ ਕੌਮ ਬਿਊਰੋ)**-ਗੁਰਬਾਣੀ ਗੁਰਇਤਿਹਾਸ ਕਥਾ ਕੀਰਤਨ ਦੁਆਰਾ ਗੁਰੂਘਰ ਨਾਲ ਸਿੱਖ ਸੰਗਤਾਂ ਨੂੰ ਜੋੜਨ ਵਾਲੇ ਪ੍ਰਸਿੱਧ ਕੀਰਤਨੀਏ ਬਾਬਾ ਭਗਵੰਤ ਸਿੰਘ ਢੀਂਡਸੇ ਵਾਲੇ ਜੋ ਪਿਛਲੇ ਦਿਨੀ 17 ਜੂਨ ਨੂੰ ਅਕਾਲ ਚਲਾਣਾ ਕਰ ਗਏ ਸਨ ਉਨਾਂ ਦੀ ਅੰਤਿਮ ਅਰਦਾਸ ਗੁਰਦੁਆਰਾ ਡੇਰਾ ਬਾਬਾ ਰੱਬ ਜੀ ਆਲਮਪੁਰ ਕੌਲੀ ਪਟਿਆਲਾ ਵਿਖੇ 26 ਜੂਨ ਨੂੰ ਕੀਤੀ ਗਈ ਸ੍ਰੀ ਅਖੰਡ ਸਾਹਿਬ ਦੇ ਭੋਗ ਉਪਰੰਤ ਬੇਅੰਤ ਸੰਤ ਮਹਾਂਪੁਰਸ਼ ਪ੍ਰਚਾਰਕ ਧਾਰਮਿਕ ਅਤੇ ਰਾਜਨੀਤਿਕ ਆਗੂ ਸਾਹਿਬਾਨਾਂ ਸਮੇਤ ਹਜ਼ਾਰਾਂ ਦੀ ਤਾਦਾਦ ਵਿੱਚ ਸਿੱਖ ਸੰਗਤਾਂ ਨੇ ਸਰਧਾਜ਼ਲੀ ਭੇਂਟ ਕੀਤੀ ਭਾਈ ਗੁਰਸੇਵਕ ਸਿੰਘ ਰੰਗੀਲਾ ਹਜ਼ੂਰੀ ਰਾਗੀ ਜੱਥਾ ਗੁਰਦੁਆਰਾ ਦਾਦੂ ਸਾਹਿਬ ਸਮੇਤ ਬੇਅੰਤ ਸੰਤ ਮਹਾਂਪੁਰਸ਼ਾਂ ਨੇ ਕਥਾ ਕੀਰਤਨ ਦੁਆਰਾ ਸ਼ਰਧਾ ਦੇ ਫੁੱਲ ਭੇਂਟ ਕੀਤੇ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸਿੱਖ ਸੰਗਤਾਂ ਨੂੰ ਸੰਬੋਧਨ ਕਰਦਿਆਂ ਅਤੇ ਵਿਛੜੀ ਰੂਹ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਗੁਰਬਾਣੀ ਗੁਰਮਤਿ ਦਾ ਚਾਨਣਾ ਪਾਇਆ ਉਨਾਂ ਕਿਹਾ ਕੇ ਸਾਨੂੰ ਸਭ ਨੂੰ ਸੰਸਾਰ ਵਿੱਚ ਚੰਗੇ ਕਰਮ ਕਰਕੇ ਜੀਵਨ ਬਤੀਤ ਕਰਨਾ ਚਾਹੀਦਾ ਹੈ ਜਿਸ ਨਾਲ ਦੇਸ਼ ਕੌਮ ਧਰਮ ਸਮਾਜ ਦਾ ਭਲਾ ਹੋ ਸਕੇ ਜਥੇਦਾਰ ਦਾਦੂਵਾਲ ਜੀ ਨੇ ਕਿਹਾ ਕੇ ਸੰਸਾਰ ਤੇ ਰਿਹਾ ਕੋਈ ਨਹੀਂ ਰਹਿਣਾ ਕਿਸੇ ਨਹੀਂ ਰਹਿ ਜਾਂਦੀਆਂ ਨੇ ਸਿਰਫ਼ ਯਾਦਾਂ ਚੰਗੇ ਦੀਆਂ ਚੰਗਿਆਈਆਂ ਤੇ ਬੁਰੇ ਦੀਆਂ ਬੁਰਿਆਈਆਂ ਕਰਕੇ ਇਸ ਕਰਕੇ ਸਾਨੂੰ ਸੰਸਾਰ ਤੇ ਚੰਗੇ ਕਰਮ ਕਰਕੇ ਆਪਣਾ ਲੋਕ ਸੁਖੀਆ ਪ੍ਰਲੋਕ ਸੁਹੇਲਾ ਕਰਨਾ ਚਾਹੀਦਾ ਹੈ ਉਨਾਂ ਕਿਹਾ ਕੇ ਬਾਬਾ ਭਗਵੰਤ ਸਿੰਘ ਢੀਂਡਸਾ ਵਾਲਿਆਂ ਦਾ ਪ੍ਰੀਵਾਰ ਅਤੇ ਪੰਥ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ ਅੰਤਿਮ ਅਰਦਾਸ ਸਮੇਂ ਬਾਬਾ ਭਗਵੰਤ ਸਿੰਘ ਢੀਂਡਸਾ ਦੇ ਸਪੁੱਤਰ ਪ੍ਰਭਜੋਤ ਸਿੰਘ ਨੂੰ ਸਮੂੰਹ ਮਹਾਂਪੁਰਸ਼ਾਂ ਪ੍ਰੀਵਾਰ ਵਲੋਂ ਦਸਤਾਰ ਭੇਂਟ ਕੀਤੀ ਗਈ ਬਾਬਾ ਭਗਵੰਤ ਸਿੰਘ ਦੇ ਪਿਤਾ ਭਾਈ ਰਾਮਪਾਲ ਸਿੰਘ ਮਾਤਾ ਰੁਮਾਲ ਕੌਰ ਪਤਨੀ ਅਕਵਿੰਦਰ ਕੌਰ ਪੁੱਤਰੀ ਗੁਰਮਤਿਜੋ ਕੌਰ ਪੁੱਤਰ ਪ੍ਰਭਜੋਤ ਸਿੰਘ ਹਾਜ਼ਰ ਸਨ ਸ਼ਰਧਾਂਜਲੀ ਦੇਣ ਵਾਲੇ ਮਹਾਂਪੁਰਸ਼ਾਂ ਵਿੱਚ ਬਾਬਾ ਅਰਜਨ ਸਿੰਘ ਰੱਬ ਜੀ,ਬਾਬਾ ਪ੍ਰੀਤਮ ਸਿੰਘ ਰਾਜਪੁਰਾ,ਬਾਬਾ ਮਨਮੋਹਨ ਸਿੰਘ ਬਾਰਨ,ਬਾਬਾ ਹਰਜੀਤ ਸਿੰਘ ਚੰਡੀਗੜ,ਬਾਬਾ ਸੰਤੋਖ ਸਿੰਘ ਨਿਹੰਗ,ਬਾਬਾ ਗੁਲਾਬ ਸਿੰਘ ਚਮਕੌਰ ਸਾਹਿਬ,ਭਾਈ ਬਲਜਿੰਦਰ



ਸਿੰਘ ਪਰਵਾਨਾ,ਬਾਬਾ ਸਤਵਿੰਦਰ ਸਿੰਘ ਦਿੱਲੀ,ਬਾਬਾ ਪ੍ਰਦੀਪ ਸਿੰਘ ਚਾਂਦਪੁਰਾ ਪੰਥਕ ਸੇਵਾ ਲਹਿਰ ਦਾਦੂ ਸਾਹਿਬ,ਬਾਬਾ ਜੀਵਨ ਸਿੰਘ ਚੁਨਾਗਰਾ,ਬਾਬਾ ਸਤਨਾਮ ਸਿੰਘ 34ਸਿੰਘ ਸ਼ਹੀਦਾਂ,ਬਾਬਾ ਸਵਰਨ ਸਿੰਘ ਸੈਦਖੇੜੀ,ਬਾਬਾ ਨਾਇਬ ਸਿੰਘ ਬਹਾਦਰਗੜ,ਸੰਤ ਰਜੇਸ਼ਵਰਾ ਨੰਦ ਅੰਬਾਲਾ,ਬਾਬਾ ਸਵਰਨ ਸਿੰਘ ਨੰਦਗੜ,ਬਾਬਾ ਅਰਜਨ ਸਿੰਘ ਲਹਿਰੀ,ਬਾਬਾ ਹਰਜਿੰਦਰ ਸਿੰਘ ਸੇਖਾ ਬਰਨਾਲਾ,ਬਾਬਾ ਕੁਲਦੀਪ ਸਿੰਘ ਚੌਹਾਨ,ਬਾਬਾ ਸੁੱਧ ਸਿੰਘ ਟੂਸਿਆਂ ਵਾਲੇ,ਬਾਬਾ ਜਗਤਾਰ ਸਿੰਘ ਪਨਿਆਲੀ,ਬਾਬਾ ਅਮਰਜੀਤ ਸਿੰਘ ਫਰੀਦਕੋਟ,ਬਾਬਾ ਸਰਬਜੀਤ ਸਿੰਘ ਪਟਿਆਲਾ,ਬਾਬਾ ਸੁਖਵਿੰਦਰ ਸਿੰਘ ਘੱਗਾ,ਬਾਬਾ ਦਰਸ਼ਨ ਸਿੰਘ ਬਉਲੀ ਸਾਹਿਬ ਬਾਠਾਂ,ਓਕਾਂਰ ਸਿੰਘ ਅਮਰੀਕਾ,ਬਾਬਾ ਗੁਰਮੀਤ ਸਿੰਘ ਹੰਸਾਲੀ,ਬਾਬਾ ਸਤਨਾਮ ਸਿੰਘ ਪੋਲੋਮਾਜਰਾ,ਬਾਬਾ ਗੁਰਤਾਰ ਸਿੰਘ ਚਪੜ,ਬਾਬਾ ਸੁਰਜਨ ਸਿੰਘ ਭੇਵੇ ਵਾਲੇ,ਬਾਬਾ ਕੁਲਦੀਪ ਸਿੰਘ ਸੁਹਾਣਾ,ਬਾਬਾ ਮਾਨ ਸਿੰਘ ਯੂਐਸਏ ਬਾਬਾ ਗੁਰਜੰਟ ਸਿੰਘ ਤਪਾਦਰਾਜ,ਬਾਬਾ ਬਲਜਿੰਦਰ ਸਿੰਘ ਨਾਨਕਸਰ ਚਰਨਘਾਟ,ਬਾਬਾ ਮਨਪ੍ਰੀਤ ਸਿੰਘ ਅਲੀਪੁਰ ਖਾਲਸਾ,ਬਾਬਾ ਜਗਸੀਰ ਸਿੰਘ ਕੁਲਬੁਰਸ਼ਾਂ,ਬਾਬਾ ਬਲਜੀਤ ਸਿੰਘ ਫੱਕਰ,ਬਾਬਾ ਚਮਕੌਰ ਸਿੰਘ ਭਾਈ ਰੂਪਾ,ਬਾਬਾ ਪੰਜਾਬ ਸਿੰਘ ਮਾਦਪੁਰ,ਬਾਬਾ ਹਰਚਰਨ ਸਿੰਘ ਤ੍ਰਿਪੜੀ ਪਟਿਆਲਾ,ਬਾਬਾ ਮਨਜੀਤ ਸਿੰਘ ਘੁੜਾਮਾ,ਬਾਬਾ ਸੁੱਖਾ ਸਿੰਘ ਅਲਹੌਰਾਂ ਜੀਰਕਪੁਰ ਬਾਬਾ ਜਗਸੀਰ ਸਿੰਘ ਬਲਿਆਲ,ਬਾਬਾ ਅਵਤਾਰ ਸਿੰਘ ਸਲੇਮਪੁਰ,ਬਾਬਾ ਗੁਰਪ੍ਰੀਤ ਸਿੰਘ ਭਾਮੀਆ,ਬਾਬਾ ਜਗਰੂਪ ਸਿੰਘ ਬਠਿੰਡਾ,ਜਥੇਦਾਰ ਸੁਖਵਿੰਦਰ ਸਿੰਘ ਮੰਡੇਬਰ ਜਨਰਲ ਸਕੱਤਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ,ਸਰਬਜੀਤ ਸਿੰਘ ਜੰਮੂ ਧਰਮ ਪ੍ਰਚਾਰ ਸਕੱਤਰ,ਕੁਲਦੀਪ ਸਿੰਘ ਭਾਣੋਖੇੜੀ ਮੀਤ ਸਕੱਤਰ,ਪ੍ਰੋਫੈਸਰ ਪ੍ਰੇਮ ਸਿੰਘ ਚੰਦੂਮਾਜਰਾ ਸਾਬਕਾ ਮੰਤਰੀ ਪੰਜਾਬ,ਹਰਮੀਤ ਸਿੰਘ ਪਠਾਨਮਾਜਰਾ ਵਿਧਾਇਕ ਸਨੌਰ,ਮਦਨ ਲਾਲ ਘਨੌਰ ਸਾਬਕਾ ਵਿਧਾਇਕ,ਹਰਵਿੰਦਰ ਸਿੰਘ ਹਰਪਾਲਪੁਰ ਵੀ ਹਾਜ਼ਰ ਸਨ

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੁ ਕੋਟਿ ਪੈਂਡਾ ਆਗੇ ਹੋਇ ਲੇਤ ਹੈ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 6 ਨਵੰਬਰ 2024 ਤੋਂ 16 ਨਵੰਬਰ 2024 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1095**

Important Note: The Jatha will depart from Jalandhar Punjab from 6th November Jalandhar to 16th November 2024 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1095 pounds including visa, transport, hotel stay and break fast.

**Note: It does not include flight ticket and insurance, it has to be done by the passenger himself.**

**ਜਰੂਰੀ ਨੋਟ :** ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 6 ਨਵੰਬਰ ਜਲੰਧਰ ਤੋਂ 16 ਨਵੰਬਰ 2024 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ ।ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਸਮੇਤ 1095 ਪੌਂਡ ਹੋਵੇਗਾ।

**ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।**

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

- ☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।
- ☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

**ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।**

**BOOK YOUR SEATS NOW**

✶-- ਗੁਰੂ ਪੰਥ ਦੇ ਸੇਵਾਦਾਰ --✶

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

• ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
+447976210161

• ਭਾਈ ਬਲਜੀਤ ਸਿਘ ਕੰਗ/Bhai Baljit Singh Kang
+44 7780 605230

• ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
+44 7568 517223

Website : www.nsycuk.com
E-mail : gnstuk@hotmail.com

ਆਵਾਜ਼ਿ ਕੌਮ AWAZE QAUM International Newspaper & WEB TV


KHALSA FORGE
Explore a stunning collection of high-quality Damascus and Sarbloh Kirpans, meticulously crafted for excellence.
www.khalsaforge.com
ਖਾਲਸਾ ਫੋਰਜ
ਉੱਚ ਕੁਆਲਿਟੀ ਦੀਆਂ ਸਰਬਲੋਹ ਕਿਰਪਾਨਾਂ ਅਤੇ ਗਾਤਰਾ ਸਾਹਿਬ ਖ਼ਰੀਦਣ ਲਈ ਸੰਪਰਕ ਕਰੋ।
ਆਨਲਾਈਨ ਆਰਡਰ ਵੀ ਬੁੱਕ ਕੀਤੇ ਜਾਂਦੇ ਹਨ।
www.khalsaforge.com


ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)

## ਮਹਾਨ ਗੁਰਮਤਿ ਸਮਾਗਮ


☛ ਸ਼ਹੀਦੀ ਦਿਹਾੜਾ ਸਿੱਖ ਜਰਨੈਲ ਬਾਬਾ ਬੰਦਾ ਸਿੰਘ ਬਹਾਦਰ ਜੀ ☛ ਸਲਾਨਾ ਬਰਸੀਂ ਮਾਹਾਰਾਜਾ ਰਣਜੀਤ ਸਿੰਘ ਸਾਹਿਬ ਜੀ ☛ ਸਲਾਨਾ ਬਰਸੀਂ 12 ਵੇਂ ਮੁੱਖੀ ਦਮਦਮੀ ਟਕਸਾਲ ਸ੍ਰੀਮਾਨ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ ।

ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ ਸ਼ੁੱਕਰਵਾਰ 28 ਜੂਨ 10:00 ਵਜੇ ਹੋਵੇਗੀ ਐਤਵਾਰ 30 ਜੂਨ 10:00 ਭੋਗ ਪੈਣਗੇ । ਸ੍ਰੀ ਅਖੰਡ ਪਾਠ ਦੀ ਸੇਵਾ ਭਾਈ ਊਧਮ ਸਿੰਘ ਕਰਮੋਨਾ ਦੇ ਪ੍ਰਵਾਰ ਵੱਲੋਂ ਸੇਵਾਂ ਲਈ ਗਈ ਹੈ ।

ਸ਼ਨਿੱਚਰਵਾਰ 29 ਜੂਨ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ । ਐਤਵਾਰ 30 ਜੂਨ 2024 ਨੂੰ 6:30 ਵਜੇ ਸਵੇਰੇ ਚਪੈਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9: 30 ਵਜੇ ਭੋਗ ਪੈਣਗੇ ਉਪੰਰਤ 12:30 ਵਜੇ ਤੱਕ ਦੀਵਾਨ ਸਜਣਗੇ ।

ਕੀਰਤਨ ਅਤੇ ਕਥਾ ਵਾਚਕ ਕਥਾ ਰਾਹੀਂ ਗੁਰਬਾਣੀ ਕਥਾ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ ।

☛ ਛਬੀਲ ਵੀ ਲੱਗੇਗੀ
☛ ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ ਕਿ ਆਪਣਾ ਕੀਮਤੀ ਸਮਾਂ ਕੱਢਕੇ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰੋ ਜੀ

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778




## ਪੰਨੂ ਮਾਮਲੇ 'ਚ ਇੰਡੀਆਂ ਨੂੰ ਅਮਰੀਕਾ ਵੱਲੋਂ ਮੰਗੀ ਜਾਣ ਵਾਲੀ ਸੂਚਨਾਂ ਅਤੇ ਤੱਥ ਦੇਣੇ ਚਾਹੀਦੇ ਹਨ

# ਨਹੀ ਤਾਂ ਅਮਰੀਕਾ ਤੇ ਇੰਡੀਆਂ ਦੇ ਸੰਬੰਧਾਂ ਵਿਚ ਪੈਦਾ ਹੋਵੇਗੀ ਕੁੜੱਤਣ : ਮਾਨ

**ਨਵੀਂ ਦਿੱਲੀ, 28 ਜੂਨ (ਮਨਪ੍ਰੀਤ ਸਿੰਘ ਖਾਲਸਾ)**:- "ਸ. ਗੁਰਪਤਵੰਤ ਸਿੰਘ ਪੰਨੂ ਐਡਵੋਕੇਟ ਅਮਰੀਕਨ ਨਾਗਰਿਕ ਨੂੰ ਇੰਡੀਅਨ ਏਜੰਸੀਆਂ ਵੱਲੋ ਮਾਰਨ ਦੀ ਸਾਜਿਸ ਦੇ ਅਸਫਲ ਹੋਣ ਉਪਰੰਤ ਅਮਰੀਕਾ ਇਸ ਵਿਸੇ ਉਤੇ ਪਹਿਲੇ ਨਾਲੋ ਵੀ ਵਧੇਰੇ ਸੰਜ਼ੀਦਾ ਅਤੇ ਦ੍ਰਿੜ ਹੋ ਗਿਆ ਹੈ । ਕਿਉਂਕਿ ਸ. ਪੰਨੂ ਨੂੰ ਮਾਰਨ ਦੀ ਸਾਜਿਸ ਜੋ ਰਚੀ ਗਈ ਸੀ, ਉਸ ਨਾਲ ਅਮਰੀਕਾ ਦੀ ਪ੍ਰਭੂਸਤਾ ਨੂੰ ਵੀ ਚੁਣੌਤੀ ਦਿੱਤੀ ਗਈ ਹੈ । ਜੋ ਵੀ ਮੁਲਕ ਅਮਰੀਕਾ ਦੀ ਪ੍ਰਭੂਸਤਾ ਨੂੰ ਚੁਣੌਤੀ ਦਿੰਦਾ ਹੈ, ਉਸਦਾ ਬੀਤੇ ਸਮੇ ਦਾ ਇਤਿਹਾਸ ਹੋਣ ਵਾਲੇ ਹਸਰ ਦੀ ਭਰਪੂਰ ਜਾਣਕਾਰੀ ਦੇ ਰਿਹਾ ਹੈ । ਇਸ ਲਈ ਜੇਕਰ ਅਮਰੀਕਾ ਨੇ, ਅਮਰੀਕਾ ਵਿਚ ਸ. ਪੰਨੂ ਦੇ ਕਤਲ ਦੀ ਸਾਜਿਸ ਦੇ ਚੱਲ ਰਹੇ ਕੇਸ ਵਿਚ ਇੰਡੀਆ ਤੋ ਤੱਥ ਅਤੇ ਦਸਤਾਵੇਜ ਮੰਗੇ ਹਨ, ਤਾਂ ਇੰਡੀਆ ਨੂੰ ਦੇਣੇ ਵੀ ਪੈਣਗੇ ਅਤੇ ਦੇਣੇ ਵੀ ਚਾਹੀਦੇ ਹਨ, ਵਰਨਾ ਅਮਰੀਕਾ ਤੇ ਇੰਡੀਆ ਦੇ ਆਪਸੀ ਸੰਬੰਧਾਂ ਵਿਚ ਬਹੁਤ ਵੱਡੀ ਕੁੜੱਤਣ ਪੈਦਾ ਹੋ ਜਾਵੇਗੀ । ਜਿਸ ਨਾਲ ਇੰਡੀਆ ਦੀ ਕੌਮਾਂਤਰੀ ਪੱਧਰ ਤੇ ਸਥਿਤੀ ਡਾਵਾਡੋਲ ਹੋਣ ਤੋ ਇਨਕਾਰ ਨਹੀ ਕੀਤਾ ਜਾ ਸਕਦਾ ।"

ਇਹ ਵਿਚਾਰ ਸ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਅਮਰੀਕਾ ਵੱਲੋ ਇੰਡੀਆ ਤੋ ਸ. ਪੰਨੂ ਦੇ ਕਤਲ ਦੀ ਸਾਜਿਸ ਸੰਬੰਧੀ ਮੰਗੇ ਤੱਥਾਂ ਤੇ ਸਬੂਤਾਂ ਉਪਰੰਤ ਇੰਡੀਆ ਵੱਲੋ ਅਪਣਾਈ ਗਈ ਟਾਲਮਟੋਲ ਦੀ ਨੀਤੀ ਅਤੇ ਉਸ ਉਤੇ ਹੋਣ ਵਾਲੇ ਹਮਲੇ ਲਈ ਬਦਮਾਸ਼ਾਂ ਨੂੰ ਜਿੰਮੇਵਾਰ ਠਹਿਰਾਉਣ ਦੇ ਗੈਰ ਦਲੀਲ ਅਮਲਾਂ ਉਤੇ ਤਿੱਖਾ ਪ੍ਰਤੀਕਰਮ ਜਾਹਰ ਕਰਦੇ ਹੋਏ ਅਤੇ ਇੰਡੀਆਂ ਨੂੰ ਮੰਗੀ ਜਾਣਕਾਰੀ ਅਨੁਸਾਰ ਤੱਥ ਪੇਸ ਕਰਨ ਦੀ ਗੱਲ ਕਰਦੇ ਹੋਏ ਪ੍ਰਗਟ ਕੀਤੇ । ਉਨ੍ਹਾਂ ਕਿਹਾ ਕਿ ਜੇਕਰ ਤੋਜੋ ਜੋ ਜਪਾਨ ਦਾ ਤਾਨਾਸਾਹ ਪ੍ਰਾਈਮ ਮਨਿਸਟਰ ਸੀ ਅਤੇ ਇਟਲੀ ਦਾ ਮੋਸੋਲੀਨੀ ਤੇ ਜਰਮਨ ਦਾ ਹਿਟਲਰ ਆਦਿ ਨੂੰ ਇਸੇ ਤਰ੍ਹਾਂ ਬਦਮਾਸ ਕਹਿਕੇ ਟਾਲਣ ਦੀ ਕੋਸਿਸ ਕੀਤੀ ਜਾਂਦੀ ਫਿਰ ਨਿਊਰਮਬਰਗ ਲਾਅ ਅਤੇ ਟੋਕੀਓ ਟਰਾਈਲ ਤਾਂ ਹੋ ਹੀ ਨਹੀ ਸਨ ਸਕਦੇ । ਜਦੋਕਿ ਤੋਜੋ ਨੂੰ ਫ਼ਾਂਸੀ ਦਿੱਤੀ ਗਈ ਸੀ । ਸੁਭਾਸ ਚੰਦਰ ਬੋਸ ਨੂੰ ਵੀ ਸਜ਼ਾ ਹੋਣੀ ਸੀ ਪਰ ਉਹ ਲਾਪਤਾ ਹੋਣ ਉਪਰੰਤ ਲੱਭਿਆ ਹੀ ਨਹੀ ਗਿਆ। ਹੁਣ ਸਵਾਲ ਇਹ ਉੱਠਦਾ ਹੈ ਕਿ ਜਪਾਨ ਨੇ ਅੰਡੇਮਾਨ ਤੇ ਕਾਲੇਪਾਣੀ ਉਤੇ ਪੂਰਾ ਕਬਜਾ ਕਰ ਲਿਆ ਸੀ । ਫਿਰ ਜੋ ਕਾਲੇਪਾਣੀ ਦੀ ਸਜ਼ਾ ਕੱਟ ਰਹੇ ਸਨ ਅਤੇ ਹੋਰ ਕੈਦੀ ਸਨ, ਉਹ ਸਭ ਸਮੇਤ ਜਪਾਨ ਸੁਭਾਸ ਚੰਦਰ ਬੋਸ ਅੰਗਰੇਜ਼ਾਂ ਖਿਲਾਫ਼ ਲੜੇ ਸਨ । ਫਿਰ ਜਦੋ ਇਹ ਸਾਰੇ ਅੰਗਰੇਜ਼ਾਂ ਦੇ ਖਿਲਾਫ ਹੀ ਲੜ ਰਹੇ ਸਨ ਤਾਂ ਕਾਲੇਪਾਣੀ ਦੀ ਸਜ਼ਾ ਕੱਟ ਰਹੇ ਗਦਰੀ ਬਾਬਿਆ ਨੂੰ ਕਾਲੇਪਾਣੀ ਦੀ ਸਜ਼ਾ ਤੋ ਰਿਹਾਅ ਕਿਉਂ ਨਹੀਂ ਕਰਵਾਇਆ ਗਿਆ ? ਹਿੰਦੂਤਵ ਹੁਕਮਰਾਨ ਇਸ ਪਿੱਛੇ ਛੁਪੇ ਹੋਏ ਅਸਲ ਸੱਚ ਨੂੰ ਉਭਰਨ ਹੀ ਨਹੀ ਦੇਣਾ ਚਾਹੁੰਦੇ । ਉਨ੍ਹਾਂ ਕਿਹਾ ਕਿ ਮੋਦੀ-ਸ਼ਾਹ ਸਰਕਾਰ ਨੂੰ ਇਹ ਗੱਲ ਪ੍ਰਤੱਖ ਰੂਪ ਵਿਚ ਸਾਫ ਕਰਨੀ ਚਾਹੀਦੀ ਹੈ ਕਿ ਕਾਲੇਪਾਣੀ ਦੇ ਸਜ਼ਾ ਕੱਟ ਰਹੇ ਗਦਰੀ ਬਾਬਿਆ ਨੂੰ ਸੁਭਾਸ ਚੰਦਰ ਬੋਸ ਤੇ ਜਪਾਨ ਵੱਲੋ ਰਿਹਾਅ ਕਿਉਂ ਨਹੀਂ ਕਰਵਾਇਆ ਗਿਆ ? ਇਸ ਵਿਸੇ ਉਤੇ ਨਿਰਪੱਖ ਤਫਤੀਸ ਹੋਣੀ ਚਾਹੀਦੀ ਹੈ । ਇਹ ਵੀ ਪਤਾ ਕਰਨਾ ਚਾਹੀਦਾ ਹੈ ਕਿ ਇਨ੍ਹਾਂ ਕਾਲੇਪਾਣੀ ਦੀ ਸਜ਼ਾ ਕੱਟ ਰਹੇ ਗਦਰੀ ਬਾਬਿਆ ਨੂੰ, ਅੰਡੇਮਾਨ ਦੇ ਕਾਲੇਪਾਣੀ ਉਤੇ ਜਪਾਨ ਦਾ ਕਬਜਾ ਹੋਣ ਉਪਰੰਤ ਉਨ੍ਹਾਂ ਨੂੰ ਖਾਣਾ, ਪੀਣਾ, ਰਹਿਣ ਦਾ ਸਹੀ ਪ੍ਰਬੰਧ ਕੀਤਾ ਗਿਆ ਸੀ ਜਾਂ ਨਹੀ । ਜੇਕਰ ਇੰਡੀਆ ਵੱਲੋ ਅਜਿਹੇ ਦੁਖਾਂਤਾਂ ਸਮੇ rogue (ਬਦਮਾਸ਼ਾਂ) ਦੀ ਗੱਲ ਕਰਕੇ ਸੱਚ ਨੂੰ ਛੁਪਾਇਆ ਜਾ ਰਿਹਾ ਹੈ, ਤਾਂ ਇਸਦਾ ਸਿੱਧਾ ਮਤਲਬ ਹੈ ਕਿ ਇੰਡੀਆ ਦੀ ਹਕੂਮਤ ਵੀ ਹੁਣ ਬਦਮਾਸ਼ਾਂ ਦੇ ਕਬਜੇ ਵਿਚ ਆ ਚੁੱਕੀ ਹੈ।




ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਲੋਕ ਸੰਘਰਸ਼ ਦੇ ਜ਼ੋਰ ਤੇ ਹਰਨੇਕ ਸਿੰਘ ਮਹਿਮਾ ਦੀ ਕਰਾਵਾਂਗੇ ਰਿਹਾਈ : ਮਨਜੀਤ ਧਨੇਰ

# ਪੰਜਾਬ ਸਰਕਾਰ ਕੁਲਰੀਆਂ ਮਸਲੇ ਦਾ ਹੱਲ ਕਰੇ—ਗੁਰਦੀਪ ਰਾਮਪੁਰਾ

**ਫ਼ਿਰੋਜ਼ਪੁਰ, 28 ਜੂਨ (ਮਨੋਹਰ ਲਾਲ) :—** ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੇ ਜਨਰਲ ਸਕੱਤਰ ਹਰਨੇਕ ਸਿੰਘ ਮਹਿਮਾ ਦੀ ਰਿਹਾਈ ਲਈ ਜਥੇਬੰਦੀ ਨੇ ਸੰਘਰਸ਼ ਦੇ ਪ੍ਰੋਗਰਾਮ ਦਾ ਐਲਾਨ ਕਰ ਦਿੱਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਕਿਸਾਨ ਆਗੂ ਮਨਜੀਤ ਧਨੇਰ ਅਤੇ ਗੁਰਦੀਪ ਰਾਮਪੁਰਾ ਨੇ ਦੱਸਿਆ ਕਿ ਜਥੇਬੰਦੀ ਦੀ ਸੂਬਾ ਕਮੇਟੀ ਦੀ ਐਮਰਜੈਂਸੀ ਮੀਟਿੰਗ ਦੌਰਾਨ ਫੈਸਲਾ ਲਿਆ ਗਿਆ ਕਿ 4 ਜੁਲਾਈ ਨੂੰ ਜਲੰਧਰ ਵਿਖੇ ਇਕੱਠ ਕਰਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਕੋਠੀ ਵੱਲ ਮਾਰਚ ਕੀਤਾ ਜਾਵੇਗਾ ਅਤੇ ਉਨ੍ਹਾਂ ਨੂੰ ਹਰਨੇਕ ਸਿੰਘ ਮਹਿਮਾ ਦੀ ਰਿਹਾਈ ਲਈ ਅਤੇ ਮਾਨਸਾ ਜ਼ਿਲ੍ਹੇ ਦੇ ਪਿੰਡ ਕੁੱਲਰੀਆਂ ਦੇ ਕਿਸਾਨਾਂ ਨੂੰ ਇਨਸਾਫ਼ ਦੇਣ ਲਈ ਮੰਗ ਪੱਤਰ ਦਿੱਤਾ ਜਾਵੇਗਾ। ਉਸ ਤੋਂ ਬਾਅਦ 9 ਜੁਲਾਈ ਨੂੰ ਫਿਰੋਜ਼ਪੁਰ ਵਿਖੇ ਐਸ.ਐਸ.ਪੀ ਦਫਤਰ ਦਾ ਘਿਰਾਓ ਕੀਤਾ ਜਾਵੇਗਾ।





ਗੱਲਬਾਤ ਕਰਦਿਆਂ ਸੂਬਾ ਪ੍ਰਧਾਨ ਮਨਜੀਤ ਸਿੰਘ ਧਨੇਰ ਅਤੇ ਸੀਨੀਅਰ ਮੀਤ ਪ੍ਰਧਾਨ ਗੁਰਦੀਪ ਸਿੰਘ ਰਾਮਪੁਰਾ ਨੇ ਦੱਸਿਆ ਕਿ ਹਰਨੇਕ ਸਿੰਘ ਮਹਿਮਾ ਨੂੰ ਲੋਕ ਸਭਾ ਚੋਣਾਂ ਦੌਰਾਨ ਭਾਜਪਾ ਦਾ ਵਿਰੋਧ ਕਰਨ ਬਦਲੇ 9 ਮਈ ਨੂੰ ਗ੍ਰਿਫ਼ਤਾਰ ਕੀਤਾ ਗਿਆ ਸੀ ਅਤੇ ਪੁਰਾਣੇ ਕੇਸਾਂ ਵਿੱਚ ਗ੍ਰਿਫ਼ਤਾਰੀ ਦਿਖਾ ਕੇ ਉਦੋਂ ਤੋਂ ਹੀ ਜੇਲ੍ਹ ਵਿੱਚ ਬੰਦ ਕੀਤਾ ਹੋਇਆ ਹੈ। ਜਥੇਬੰਦੀ ਨੇ 17 ਮਈ ਨੂੰ ਐਸ.ਐਸ.ਪੀ ਫਿਰੋਜ਼ਪੁਰ ਦੇ ਦਫ਼ਤਰ ਅੱਗੇ ਧਰਨਾ ਲਗਾਇਆ ਤਾਂ ਪੁਲਿਸ ਪ੍ਰਸ਼ਾਸਨ ਵੱਲੋਂ ਭਰੋਸਾ ਦਿਵਾਇਆ ਗਿਆ ਸੀ ਕਿ ਉਹ ਹਰਨੇਕ ਸਿੰਘ ਮਹਿਮਾ ਦੀ ਰਿਹਾਈ ਲਈ ਪੂਰਾ ਸਹਿਯੋਗ ਕਰਨਗੇ। ਉਨ੍ਹਾਂ ਕਿਹਾ ਕਿ ਵਾਅਦਾ ਵਫਾ ਨਾ ਹੋਣ ਤੇ ਸੂਬਾ ਕਮੇਟੀ ਵੱਲੋਂ 14 ਜੂਨ ਨੂੰ ਐਸ.ਐਸ.ਪੀ ਫਿਰੋਜ਼ਪੁਰ ਦੇ ਦਫਤਰ ਦੇ ਘਿਰਾਓ ਦਾ ਐਲਾਨ ਕੀਤਾ ਗਿਆ ਸੀ ਪ੍ਰੰਤੂ ਉਸ ਤੋਂ ਪਹਿਲਾਂ ਪੁਲਿਸ ਪ੍ਰਸ਼ਾਸਨ ਵੱਲੋਂ ਵਾਰ—ਵਾਰ ਜਥੇਬੰਦੀ ਤੱਕ ਪਹੁੰਚ ਕੀਤੀ ਗਈ ਅਤੇ ਇੱਕ ਹਫ਼ਤੇ ਦਾ ਸਮਾਂ ਹੋਰ ਮੰਗਿਆ ਗਿਆ, ਜਿਸ ਕਾਰਨ ਅਸੀਂ 14 ਜੂਨ ਵਾਲਾ ਧਰਨਾ ਮੁਲਤਵੀ ਕਰ ਦਿੱਤਾ ਸੀ ਪ੍ਰੰਤੂ ਪੁਲਿਸ ਪ੍ਰਸ਼ਾਸਨ ਨੇ ਸਹਿਯੋਗ ਕਰਨ ਦੀ ਥਾਂ ਬਿੱਲਕੁਲ ਉਲਟ ਵਤੀਰਾ ਅਪਣਾਇਆ ਹੋਇਆ ਹੈ ਅਤੇ ਪੁਲਿਸ ਨੇ ਅਦਾਲਤ ਵਿੱਚ ਬਿਆਨ ਦਿੱਤਾ ਹੈ ਕਿ ਹਰਨੇਕ ਸਿੰਘ ਮਹਿਮਾ ਖਿਲਾਫ 12 ਕੇਸ ਪੈਂਡਿੰਗ ਹਨ ਅਤੇ ਉਹ ਕਈ ਕੇਸਾਂ ਵਿੱਚ ਭਗੌੜਾ ਹੈ।

ਕਿਸਾਨ ਆਗੂਆਂ ਨੇ ਕਿਹਾ ਕਿ ਅਸਲੀਅਤ ਇਹ ਹੈ ਕਿ ਹਰਨੇਕ ਸਿੰਘ ਮਹਿਮਾ 12 ਕੇਸਾਂ ਵਿੱਚੋਂ ਦੋ ਵਿੱਚ ਬਰੀ ਹੋ ਚੁੱਕਿਆ ਹੈ, ਚਾਰ ਕੇਸ ਦੋ ਸਾਲ ਪਹਿਲਾਂ ਕੈਂਸਲ ਹੋ ਚੁੱਕੇ ਹਨ, ਦੋ ਕੇਸਾਂ ਵਿੱਚ ਗ੍ਰਿਫ਼ਤਾਰੀ ਹੋਈ ਹੈ, ਇੱਕ ਕੇਸ ਵਿੱਚ ਸਜ਼ਾ ਹੋਈ ਸੀ, ਇੱਕ ਕੇਸ ਦੀ ਟਰਾਇਲ ਪੈਂਡਿੰਗ ਹੈ ਅਤੇ ਇੱਕ ਕੇਸ ਵਿੱਚ ਕੋਈ ਰਿਪੋਰਟ ਹੀ ਨਹੀਂ। ਇਸ ਤਰਾਂ ਕੁੱਲ ਮਿਲਾ ਕੇ ਇਹ ਕੋਰਾ ਝੂਠ ਹੈ ਕਿ ਉਹ 12 ਕੇਸਾਂ ਵਿੱਚ ਭਗੌੜਾ ਹੈ।ਇਸ ਲਈ ਪੁਲਿਸ ਪ੍ਰਸ਼ਾਸਨ ਵੱਲੋਂ ਵਾਅਦਾ ਖਿਲਾਫੀ ਅਤੇ ਗਲਤ ਬਿਆਨੀ ਦੇ ਖ਼ਿਲਾਫ਼ ਜਥੇਬੰਦੀ ਵੱਲੋਂ ਇਹ ਪ੍ਰੋਗਰਾਮ ਦਿੱਤੇ ਗਏ ਹਨ। ਇਸ ਤੋਂ ਇਲਾਵਾ 01 ਜੁਲਾਈ ਨੂੰ ਸਾਰੇ ਜ਼ਿਲ੍ਹਿਆਂ ਦੇ ਪ੍ਰਧਾਨ, ਜਨਰਲ ਸਕੱਤਰ ਅਤੇ ਹੋਰ ਅਹੁਦੇਦਾਰਾਂ ਦੀ ਮੀਟਿੰਗ ਗੁਰਦੁਆਰਾ ਬੀਬੀ ਪ੍ਰਧਾਨ ਕੌਰ ਬਰਨਾਲਾ ਵਿਖੇ ਬੁਲਾ ਲਈ ਗਈ ਹੈ, ਜਿੱਥੇ ਸਾਰੇ ਪ੍ਰੋਗਰਾਮਾਂ ਦੀਆਂ ਤਿਆਰੀਆਂ ਦੀ ਵਿਉਂਤਬੰਦੀ ਕੀਤੀ ਜਾਵੇਗੀ। ਆਗੂਆਂ ਨੇ ਕਿਹਾ ਕਿ ਅਸੀਂ ਪੁਲਿਸ ਪ੍ਰਸ਼ਾਸਨ ਨੂੰ ਪੂਰਾ ਸਮਾਂ ਦਿੱਤਾ ਹੈ, ਪਰ ਪ੍ਰਸ਼ਾਸਨ ਸਾਡੇ ਨਾਲ ਚਾਲਬਾਜ਼ੀਆਂ ਕਰਦਾ ਰਿਹਾ ਹੈ, ਜਿਸ ਤੋਂ ਪ੍ਰਸ਼ਾਸਨ ਅਤੇ ਸਰਕਾਰ ਦੀ ਮਨਸ਼ਾ ਸਾਫ ਹੁੰਦੀ ਹੈ ਕਿ ਉਨ੍ਹਾਂ ਸਾਡੀ ਜਥੇਬੰਦੀ ਨੂੰ ਸੋਚੀ ਸਮਝੀ ਸਕੀਮ ਤਹਿਤ ਨਿਸ਼ਾਨਾ ਬਣਾਇਆ ਹੋਇਆ ਹੈ। ਇਸ ਲਈ ਹੁਣ ਹਰਨੇਕ ਸਿੰਘ ਮਹਿਮਾ ਦੀ ਰਿਹਾਈ ਲਈ ਆਰ—ਪਾਰ ਦਾ ਸੰਘਰਸ਼ ਕੀਤਾ ਜਾਵੇਗਾ, ਜਿਸ ਲਈ ਹਰ ਤਰ੍ਹਾਂ ਦੀ ਜ਼ਿੰਮੇਵਾਰੀ ਪੰਜਾਬ ਸਰਕਾਰ ਅਤੇ ਫਿਰੋਜ਼ਪੁਰ ਦੇ ਪੁਲਿਸ ਪ੍ਰਸ਼ਾਸਨ ਦੀ ਹੋਵੇਗੀ।

# ਪ੍ਰਤਾਪ ਨਗਰ ਦੇ ਲੋਕਾਂ ਨੇ ਵਿਧਾਇਕ ਦਹੀਆ ਕੋਲ ਰੱਖੀਆਂ ਮੁਸ਼ਕਿਲਾਂ



ਫ਼ਿਰੋਜ਼ਪੁਰ, 28 ਜੂਨ (ਮਨੋਹਰ ਲਾਲ) :— ਫ਼ਿਰੋਜ਼ਪੁਰ ਦਿਹਾਤੀ ਅਧੀਨ ਆਉਂਦੇ ਪਿੰਡ ਪ੍ਰ.ਤਾਪ ਨਗਰ ਚੁੰਗੀ ਨੰਬਰ 8 ਦੀਆਂ ਬੁਨਾਇਦੀਆਂ ਲੋੜਾਂ ਦੇ ਨਿਪਟਾਰੇ ਲਈ ਅੱਜ ਇਲਾਕੇ ਦੇ ਮੋਹਤਬਰ ਵਿਅਕਤੀਆਂ ਵੱਲੋਂ ਵਿਧਾਇਕ ਰਜਨੀਸ਼ ਦਹੀਆ ਨਾਲ ਮੁਲਾਕਾਤ ਕੀਤੀ ਗਈ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਪਿੰਡ ਵਾਸੀ ਗੁਰਵਿੰਦਰ ਸਿੰਘ, ਦਰਸ਼ਨ ਸਿੰਘ, ਸੂਬੇਦਾਰ ਚਰਨ ਸਿੰਘ ਕੀਰਤੀਚੱਕਰ, ਗੁਲਾਬ ਸਿੰਘ, ਬਖਸੀਸ਼ ਸਿੰਘ, ਜਾਬਰ ਸਿੰਘ, ਸੁਖਦੇਵ ਸਿੰਘ ਅਤੇ ਸਰਵਣ ਸਿੰਘ ਨੇ ਦੱਸਿਆ ਕਿ ਵਿਧਾਇਕ ਰਜਨੀਸ਼ ਦਹੀਆ ਨੇ ਇਲਾਕਾ ਨਿਵਾਸੀਆਂ ਦੀਆਂ ਮੁਸ਼ਿਕਲਾਂ ਨੂੰ ਬਹੁਤ ਗੰਭੀਰਤਾ ਨਾਲ ਸੁਣਿਆ ਹੈ ਅਤੇ ਵਿਸਵਾਸ਼ ਦਿਵਾਇਆ ਹੈ ਕਿ ਇਨ੍ਹਾਂ ਮੁਸ਼ਿਕਲਾਂ ਦਾ ਜਲਦ ਨਿਪਟਾਰਾ ਕਰ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਐਮ.ਐਲ.ਏ ਰਜਨੀਸ਼ ਦਹੀਆ ਨਾਲ ਹੋਈ ਮੁਲਾਕਾਤ ਦੌਰਾਨ ਪੂਰਾ ਮਾਣ—ਸਤਿਕਾਰ ਦਿੱਤਾ ਹੈ, ਅਤੇ ਉਨ੍ਹਾਂ ਦੀਆਂ ਮੁਸ਼ਿਕਲਾਂ ਨੂੰ ਦੂਰ ਕਰਨ ਦੇ ਨਾਲ—ਨਾਲ ਇਲਾਕੇ ਦੇ ਸਰਵਪੱਖੀ ਵਿਕਾਸ ਲਈ ਹੁੰਗਾਰਾ ਭਰਿਆ ਹੈ, ਜਿਸ ਦੀ ਉਹ ਦਿਲੋ ਪ੍ਰਸੰਸਾ ਕਰਦੇ ਹਨ।

### ਰਾਜਸਥਾਨ 'ਚ ਸਿੱਖ ਬੱਚਿਆਂ ਨੂੰ ਕਕਾਰ ਪਹਿਨਣ ਕਰਕੇ ਪ੍ਰੀਖਿਆ ਵਿਚ ਨਾ ਬੈਠਣ ਦੇਣ ਦਾ ਮਾਮਲਾ

# ਸਿੱਖ ਆਗੂਆਂ ਦਾ ਵਫਦ ਸ੍ਰੀ ਗੰਗਾਨਗਰ ਦੇ ਡਿਪਟੀ ਕਮਿਸ਼ਨਰ ਨੂੰ ਮਿਲਿਆ



**ਨਵੀਂ ਦਿੱਲੀ, 28 ਜੂਨ (ਮਨਪ੍ਰੀਤ ਸਿੰਘ ਖਾਲਸਾ):-** ਬੀਤੇ ਦਿਨੀ ਜੋਧਪੁਰ ਵਿਖੇ ਹੋਏ ਜੁਡੀਸ਼ੀਅਲ ਸੇਵਾਵਾਂ ਦੇ ਮੁਕਾਬਲਾ ਪੇਪਰ ਵਿੱਚ ਗੁਰਸਿੱਖ ਲੜਕੀ ਐਡਵੋਕੇਟ ਅਰਮਨਜੋਤ ਕੌਰ ਅਤੇ ਹੋਰ ਸਿੱਖ ਬੱਚਿਆਂ ਨੂੰ ਕਿਰਪਾਨ ਪਹਿਨ ਕੇ ਪ੍ਰੀਖਿਆ ਕੇਂਦਰ ਵਿੱਚ ਜਾਣ ਤੋਂ ਰੋਕ ਦਿੱਤੇ ਜਾਣ ਨੂੰ ਲੈ ਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਆਦੇਸ਼ਾਂ ਤੇ ਰਾਜਸਥਾਨ ਅੰਦਰ ਧਰਮ ਪ੍ਰਚਾਰ ਲਹਿਰ ਲਈ ਸਰਗਰਮ ਆਗੂ ਸ. ਤੇਜਿੰਦਰ ਪਾਲ ਸਿੰਘ ਟਿੰਮਾ ਦੀ ਅਗਵਾਈ ਹੇਠ ਰਾਜਸਥਾਨ ਦੀਆਂ ਸਿੱਖ ਜੱਥੇਬੰਦੀਆਂ ਨੇ ਸ੍ਰੀ ਗੰਗਾਨਗਰ ਜਿਲ੍ਹੇ ਦੇ ਡਿਪਟੀ ਕਮਿਸ਼ਨਰ ਨਾਲ ਮੁਲਾਕਾਤ ਕਰਕੇ ਰੋਸ ਪ੍ਰਗਟ ਕੀਤਾ। ਸਿੱਖ ਆਗੂਆਂ ਨੇ ਕਿਹਾ ਕਿ ਜਦੋਂ ਮੁਗਲ ਸ਼ਾਸਕ ਔਰੰਗਜ਼ੇਬ ਨੇ ਹਿੰਦੂਆਂ ਦੇ ਜਨੇਊ ਜਬਰੀ ਉਤਾਰਨ ਦੇ ਹੁਕਮ ਜਾਰੀ ਕੀਤੇ ਸਨ ਤਾਂ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਨੇ ਹਿੰਦੂਆਂ ਦੀ ਧਾਰਮਿਕ ਅਜ਼ਾਦੀ ਲਈ ਚਾਂਦਨੀ ਚੌਕ ਦਿੱਲੀ ਵਿੱਚ ਆਪਣੀ ਸ਼ਹਾਦਤ ਦਿੱਤੀ ਸੀ, ਜਿਸ ਨੂੰ ਸਰਕਾਰ ਨੂੰ ਕਦੇ ਵੀ ਭੁੱਲਣਾ ਨਹੀਂ ਚਾਹੀਦਾ। ਸਿੱਖ ਆਗੂਆਂ ਨੇ ਕਿਹਾ ਕਿ ਕਿਸੇ ਵੀ ਤਰ੍ਹਾਂ ਦੀ ਪ੍ਰੀਖਿਆ ਵਿਚ ਬੈਠਣਾ ਹਰ ਬੱਚੇ ਦਾ ਮੌਲਿਕ ਅਧਿਕਾਰ ਹੈ ਅਤੇ ਸਿੱਖ ਬੱਚਿਆਂ ਨੂੰ ਕਕਾਰ ਪਹਿਨਣ ਕਰਕੇ ਪ੍ਰੀਖਿਆ ਸਥਾਨ 'ਤੇ ਬੈਠਣ ਤੋਂ ਰੋਕ ਕੇ ਰਾਜਸਥਾਨ ਦੀ ਭਾਜਪਾ ਸਰਕਾਰ ਸਿੱਖਾਂ ਦੀ ਧਾਰਮਿਕ ਆਜ਼ਾਦੀ ਨੂੰ ਕੁਚਲਣ ਦੀ ਕੋਝੀ ਕੋਸ਼ਿਸ਼ ਕਰ ਰਹੀ ਹੈ। ਸਰਕਾਰ ਨੂੰ ਸਵਿਧਾਨ ਅੰਦਰ ਸਿੱਖਾਂ ਨੂੰ ਮਿਲੇ ਅਧਿਕਾਰਾਂ ਦਾ ਜਰੂਰ ਖਿਆਲ ਰੱਖਣਾ ਚਾਹੀਦਾ ਹੈ। ਸਿੱਖ ਜਥੇਬੰਦੀਆਂ ਨੇ ਇਸ ਦੇ ਰੋਸ ਵਜੋਂ ਪ੍ਰਦਰਸ਼ਨ ਵੀ ਕੀਤਾ। ਇਸ ਦੇ ਨਾਲ ਹੀ ਬਾਰ ਐਸੋਸੀਏਸ਼ਨ ਨੇ ਵੀ ਆਪਣਾ ਕੰਮਕਾਜ ਠੱਪ ਕਰਕੇ ਸ੍ਰੀ ਗੰਗਾਨਗਰ ਦੇ ਡਿਪਟੀ ਕਮਿਸ਼ਨਰ ਨੂੰ ਮੰਗ ਪੱਤਰ ਦੇ ਕੇ ਰੋਸ ਪ੍ਰਗਟ ਕੀਤਾ। ਇਸ ਮੌਕੇ ਸ. ਤੇਜਿੰਦਰ ਪਾਲ ਸਿੰਘ ਟਿੰਮਾ ਤੋਂ ਇਲਾਵਾ ਸ੍ਰੀ ਬਿਜੈ ਚਾਵਲਾ ਪ੍ਰਧਾਨ ਬਾਰ ਐਸੋਸੀਏਸ਼ਨ, ਐਡਵੋਕੇਟ ਸ. ਲਖਬੀਰ ਸਿੰਘ ਮਾਨ, ਸ. ਹਿੰਮਤ ਸਿੰਘ ਜੁਨੇਜਾ, ਸ੍ਰੀ ਉਮਾ ਸ਼ੰਕਰ ਵਰਮਾ, ਸ. ਬਲਕਰਨ ਸਿੰਘ ਬਰਾੜ, ਸ. ਪਵਨਪ੍ਰੀਤ ਸਿੰਘ ਭਾਟੀਆ, ਸ. ਅਰਵਿੰਦਰ ਸਿੰਘ ਗਿੱਲ, ਸ੍ਰੀ ਅਮਨ ਪ੍ਰਕਾਸ਼, ਸ. ਅਜੀਤ ਸਿੰਘ ਟੱਕਰ, ਸ. ਗੁਰਮੀਤ ਸਿੰਘ ਟੱਕਰ, ਸ. ਅਰਵਿੰਦਰਪਾਲ ਸਿੰਘ, ਸ. ਗੁਰਵਿੰਦਰ ਸਿੰਘ ਧਾਲੀਵਾਲ, ਬਾਰ ਐਸੋਸੀਏਸ਼ਨ ਤੋਂ ਸ. ਸਤਵਿੰਦਰ ਸਿੰਘ ਚਾਹਲ, ਸ. ਗੁਰਸ਼ਰਨ ਸਿੰਘ, ਸ. ਇਕਬਾਲ ਸਿੰਘ, ਸ. ਹਰਨਾਮ ਸਿੰਘ, ਸ. ਗੁਰਦਿੱਤ ਸਿੰਘ, ਸ. ਰਾਕੇਸ਼ ਸਿੰਘ ਟਿਕੈਤ ਹਾਜ਼ਰ ਸਨ।

# ਜ਼ਿਲ੍ਹਾ ਸੁਰੱਖਿਆ ਸਮਾਜਿਕ ਵਿਕਾਸ ਵਿਭਾਗ ਤੋਂ ਸ਼ਾਨਦਾਰ ਸੇਵਾਵਾਂ ਨਿਭਾਅ ਤਜਿੰਦਰਪਾਲ ਹੋਈ ਸੇਵਾ ਮੁਕਤ





**ਫ਼ਿਰੋਜ਼ਪੁਰ, 28 ਜੂਨ (ਮਨੋਹਰ ਲਾਲ) :—** ਜ਼ਿਲ੍ਹਾ ਸੁਰੱਖਿਆ ਸਮਾਜਿਕ ਵਿਕਾਸ ਵਿਭਾਗ ਫ਼ਿਰੋਜ਼ਪੁਰ ਵਿਚ ਲੰਬੇ ਅਰਸੇ ਤੋਂ ਤਾਇਨਾਤ ਮੈਡਮ ਤਜਿੰਦਰਪਾਲ ਕੌਰ ਸੀਨੀਅਰ ਸਹਾਇਕ ਦੇ ਅਹੁਦੇ ਤੋਂ ਅੱਜ ਸੇਵਾ ਮੁਕਤ ਹੋ ਗਏ ਹਨ। ਵਿਭਾਗ ਵਿਚ ਆਪਣੀਆਂ ਸ਼ਾਨਦਾਰ ਸੇਵਾਵਾਂ ਨਿਭਾਉਣ ਉਪਰੰਤ ਅੱਜ ਸ੍ਰੀਮਤੀ ਤਜਿੰਦਰਪਾਲ ਦੀ ਸੇਵਾ ਮੁਕਤੀ ਸਮੇਂ ਦਫਤਰੀ ਸਟਾਫ, ਪਰਿਵਾਰਕ ਮੈਂਬਰਾਂ ਅਤੇ ਹੋਰਾਂ ਵੱਲੋਂ ਸ਼ਮੂਲੀਅਤ ਕੀਤੀ ਗਈ ਅਤੇ ਸ੍ਰੀਮਤੀ ਤਜਿੰਦਰਪਾਲ ਦੀ ਤੰਦਰੁਸਤੀ ਦੀ ਕਾਮਨਾ ਕੀਤੀ। ਇਸ ਮੌਕੇ ਤੇ ਰੇਣੂ ਬਾਲਾ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫਸਰ ਨੇ ਬੋਲਦਿਆਂ ਕਿਹਾ ਕਿ ਮੈਡਮ ਤਜਿੰਦਰਪਾਲ ਇਕ ਵਧੀਆ ਸੀਨੀਅਰ ਸਹਾਇਕ ਸਨ, ਜਿਨ੍ਹਾਂ ਆਪਣੀ ਡਿਊਟੀ ਤਨਦੇਹੀ ਅਤੇ ਇਮਾਨਦਾਰੀ ਨਾਲ ਕਰਕੇ ਬਹੁਤ ਹੀ ਵਧੀਆ ਢੰਗ ਨਾਲ ਨਿਭਾਈ ਹੈ, ਜਿਨ੍ਹਾਂ ਦੀ ਰਿਟਾਇਰਮੈਂਟ ਮਿਤੀ 30.06.2024 ਨੂੰ ਹੋਣੀ ਸੀ, ਜ਼ੋ ਛੁੱਟੀਆਂ ਹੋਣ ਕਰਕੇ ਅੱਜ ਵਿਦਾਇਗੀ ਪਾਰਟੀ ਦਿੱਤੀ ਜਾ ਰਹੀ ਹੈ। ਇਸ ਮੌਕੇ ਤੇ ਸ੍ਰੀ ਵਿਜੈ ਕੁਮਾਰ ਰਿਸ਼ੀ ਸੁਪਰਡੈਂਟ, ਅਮਨ ਕੰਬੋਜ਼, ਬਲਵਿੰਦਰ ਕੌਰ ਸਟੈਨੋ, ਮੈਡਮ ਨਿਧੀ ਬਾਂਸਲ, ਹਰਪ੍ਰੀਤ ਸਿੰਘ, ਅੰਜਮ ਚੌਕੀਦਾਰ ਤੋਂ ਇਲਾਵਾ ਹੋਰ ਵੀ ਸਟਾਫ ਮੈਂਬਰ ਹਾਜ਼ਰ ਸਨ।

# ਪਾਕਿਸਤਾਨ ਦੀ ਪੰਜਾਬ ਸਰਕਾਰ ਵੱਲੋਂ ਸਿੱਖ ਮੈਰਿਜ ਐਕਟ ਨੂੰ ਮਨਜ਼ੂਰੀ



ਨਵੀ ਦਿੱਲੀ 28 ਜੂਨ (ਮਨਪ੍ਰੀਤ ਸਿੰਘ ਖਾਲਸਾ):- ਪਾਕਿਸਤਾਨ ਦੇ ਸੂਚਨਾ ਮੰਤਰੀ ਆਜ਼ਮਾ ਬੁਖਾਰੀ ਨੇ ਐਲਾਨ ਕੀਤਾ ਕਿ ਪੰਜਾਬ ਸਰਕਾਰ ਨੇ ਸਿੱਖ ਮੈਰਿਜ ਐਕਟ ਨੂੰ ਮਨਜ਼ੂਰੀ ਦੇ ਦਿੱਤੀ ਹੈ।ਘੱਟ ਗਿਣਤੀ ਮਾਮਲਿਆਂ ਦੇ ਮੰਤਰੀ ਸਰਦਾਰ ਰਮੇਸ਼ ਸਿੰਘ ਅਰੋੜਾ ਦੇ ਨਾਲ ਲਾਹੌਰ ਵਿੱਚ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਆਜ਼ਮਾ ਨੇ ਕਿਹਾ ਕਿ ਸਿੱਖ ਮੈਰਿਜ ਐਕਟ ਤੁਰੰਤ ਲਾਗੂ ਹੋਵੇਗਾ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਪੰਜਾਬ ਸਰਕਾਰ ਘੱਟ ਗਿਣਤੀ ਭਾਈਚਾਰਿਆਂ ਦੀ ਸਹੂਲਤ ਲਈ ਵਚਨਬੱਧ ਹੈ, ਇਹ ਨੋਟ ਕਰਦਿਆਂ ਕਿ ਮੁੱਖ ਮੰਤਰੀ ਮਰੀਅਮ ਨਵਾਜ਼ ਨੇ ਹਮੇਸ਼ਾ ਉਨ੍ਹਾਂ ਦੇ ਅਧਿਕਾਰਾਂ ਨੂੰ ਪਹਿਲ ਦਿੱਤੀ ਹੈ।

ਘੱਟ ਗਿਣਤੀ ਮਾਮਲਿਆਂ ਦੇ ਮੰਤਰੀ ਰਮੇਸ਼ ਅਰੋੜਾ ਨੇ ਦੁਹਰਾਇਆ ਕਿ ਘੱਟ ਗਿਣਤੀਆਂ ਦੇ ਅਧਿਕਾਰਾਂ ਦੀ ਰਾਖੀ ਕਰਨਾ ਮੁੱਖ ਮੰਤਰੀ ਮਰੀਅਮ ਦੇ ਪ੍ਰਸ਼ਾਸਨ ਦਾ ਪਹਿਲੇ ਦਿਨ ਤੋਂ ਹੀ ਆਧਾਰ ਰਿਹਾ ਹੈ।ਉਨ੍ਹਾਂ ਕਿਹਾ ਕਿ ਪਿਛਲੇ ਪੰਜ ਸਾਲਾਂ ਵਿੱਚ ਸਿੱਖ ਵਿਆਹਾਂ ਲਈ ਨਿਯਮ ਸਥਾਪਤ ਨਹੀਂ ਕੀਤੇ ਗਏ ਸਨ, ਪਰ ਪੀਐਮਐਲ-ਐਨ ਦੇ ਪੰਜਾਬ ਵਿੱਚ ਸੱਤਾ ਸੰਭਾਲਣ ਤੋਂ ਬਾਅਦ ਇਹ ਪ੍ਰਕਿਰਿਆ ਤੁਰੰਤ ਸ਼ੁਰੂ ਹੋ ਗਈ ਸੀ।

ਸਰਦਾਰ ਅਰੋੜਾ ਨੇ ਉਜਾਗਰ ਕੀਤਾ ਕਿ ਇਸ ਪਹਿਲਕਦਮੀ ਨੇ ਭਾਰਤੀ ਪੰਜਾਬ ਦੇ ਮੀਡੀਆ ਵਿੱਚ ਧਿਆਨ ਖਿੱਚਿਆ ਹੈ, ਇਹ ਨੋਟ ਕਰਦੇ ਹੋਏ ਕਿ ਉਹ ਪਾਕਿਸਤਾਨ ਨੂੰ ਘੱਟ ਗਿਣਤੀ-ਪੱਖੀ ਦੇਸ਼ ਵਜੋਂ ਸਵੀਕਾਰ ਕਰ ਰਹੇ ਹਨ। ਉਨ੍ਹਾਂ ਨੇ ਸਿੱਖ ਮੈਰਿਜ ਐਕਟ ਦੇ ਪਾਸ ਹੋਣ ਦੀ ਪੁਸ਼ਟੀ ਕੀਤੀ ਅਤੇ ਕਿਹਾ ਕਿ ਪਾਕਿਸਤਾਨ ਅੰਦਰ ਹੁਣ ਹਿੰਦੂ ਮੈਰਿਜ ਐਕਟ ਦੇ ਨਿਯਮ ਵੀ ਜਲਦੀ ਹੀ ਲਾਗੂ ਹੋਣਗੇ। ਘੱਟ ਗਿਣਤੀਆਂ ਲਈ ਮੁੱਖ ਮੰਤਰੀ ਮਰੀਅਮ ਦੀਆਂ ਪਹਿਲਕਦਮੀਆਂ ਨੂੰ ਦਰਸਾਉਂਦੇ ਹੋਏ, ਅਰੋੜਾ ਨੇ ਈਸਟਰ 'ਤੇ 10,000 ਈਸਾਈ ਪਰਿਵਾਰਾਂ ਨੂੰ ਪ੍ਰਦਾਨ ਕੀਤੀ ਵਿਸ਼ੇਸ਼ ਗ੍ਰਾਂਟ ਦਾ ਜ਼ਿਕਰ ਕੀਤਾ। ਉਨ੍ਹਾਂ ਨੇ ਮਰੀਅਮ ਦੀ ਬਾਬਾ ਗੁਰੂ ਨਾਨਕ ਦੇਵ ਜੀ ਦੀ ਫੇਰੀ ਨੂੰ ਵੀ ਯਾਦ ਕੀਤਾ, ਜਿੱਥੇ ਉਨ੍ਹਾਂ ਨੇ ਕਣਕ ਦੀ ਵਾਢੀ ਵਿੱਚ ਹਿੱਸਾ ਲਿਆ ਸੀ।



### ਆਉਣ ਵਾਲੀਆਂ ਪੀੜ੍ਹੀਆਂ ਲਈ ਸਾਫ ਸੁਥਰੇ ਵਾਤਾਵਰਨ ਵਿੱਚ ਸਾਰੇ ਯੋਗਦਾਨ ਪਾਈਏ : ਡਾ. ਭਾਰਤ ਭੂਸ਼ਣ

# ਵਿਸ਼ਵ ਵਾਤਾਵਰਨ ਮਹੀਨਾ-2024 ਤਹਿਤ ਸੈਮੀਨਾਰ ਕਰਵਾਇਆ



**ਚੌਕ ਮਹਿਤਾ. 28 ਜੂਨ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸਿਵਲ ਸਰਜਨ ਤਰਨ ਤਾਰਨ ਡਾਕਟਰ ਭਾਰਤ ਭੂਸ਼ਣ ਜੀ ਦੀ ਯੋਗ ਅਗਵਾਈ ਹੇਠ ਦਫਤਰ ਸਿਵਲ ਸਰਜਨ ਵਿਖੇ ਚੱਲ ਰਹੇ ਵਿਸ਼ਵ ਵਾਤਾਵਰਨ ਮਹੀਨੇ ਤਹਿਤ ਵਿਸ਼ੇਸ਼ ਸੈਮੀਨਾਰ ਕਰਵਾਇਆ ਗਿਆ ਵਾਤਾਵਰਨ ਸਬੰਧੀ ਕਰਵਾਏ ਗਏ ਸੈਮੀਨਾਰ ਦੌਰਾਨ ਜ਼ਿਲੇ ਦੇ ਵੱਖ ਵੱਖ ਨਰਸਿੰਗ ਕਾਲਜਾਂ ਦੀਆਂ ਵਿਦਿਆਰਥਨਾਂ ਵੱਲੋਂ ਹਿੱਸਾ ਲਿਆ ਗਿਆ ਇਸ ਮੌਕੇ ਸਿਹਤ ਵਿਭਾਗ ਵੱਲੋਂ ਵਾਤਾਵਰਨ ਸਬੰਧੀ ਕੁਇਜ਼ ਅਤੇ ਪੋਸਟਰ ਬਣਾਉਣ ਦੇ ਮੁਕਾਬਲੇ ਵੀ ਕਰਵਾਏ ਗਏ ਇਸ ਮੌਕੇ ਸੈਮੀਨਾਰ ਚ ਮੌਜੂਦ ਵਿਦਿਆਰਥਨਾਂ ਨੂੰ ਸੰਬੋਧਨ ਕਰਦਿਆਂ ਸਿਵਲ ਸਰਜਨ ਡਾਕਟਰ ਭਾਰਤ ਭੂਸ਼ਣ ਨੇ ਕਿਹਾ ਕਿ ਸਾਫ ਸੁਥਰਾ ਵਾਤਾਵਰਨ ਅਤੇ ਨਰੋਈ ਸਿਹਤ ਮਨੁੱਖ ਦੇ ਜੀਵਨ ਦੇ ਲਈ ਸਭ ਤੋਂ ਵੱਧ ਲੋੜੀਂਦਾ ਹੈ ਵਿਸ਼ਵ ਵਾਤਾਵਰਨ ਮਹੀਨਾਂ ਮਨਾਉਣ ਦਾ ਮੁੱਖ ਮੰਤਵ ਨਾਗਰਿਕਾਂ ਦੇ ਵਿੱਚ ਵਾਤਾਵਰਣ ਪ੍ਰਤੀ ਜਾਗਰੂਕਤਾ ਫੈਲਾਉਣਾ ਹੈ ਉਹਨਾਂ ਕਿਹਾ ਕਿ ਵਾਤਾਵਰਨ ਦੇ ਰੱਖ ਰਖਾਅ ਲਈ ਸਾਨੂੰ ਸਾਰਿਆਂ ਨੂੰ ਆਪਣੀ ਜਿੰਮੇਵਾਰੀ ਸਮਝਦਿਆਂ ਹੋਇਆਂ ਵੱਧ ਤੋਂ ਵੱਧ ਰੁੱਖ ਲਗਾਉਣ ਦੀ ਜਰੂਰਤ ਹੈ ਤਾਂ ਜੋ ਸਮਾਂ ਰਹਿੰਦਿਆਂ ਤੇਜ਼ੀ ਨਾਲ ਬਦਲ ਰਹੇ ਮੌਸਮਾਂ ਨੂੰ ਆਉਣ ਵਾਲੀਆਂ ਪੀੜੀਆਂ ਦੇ ਲਈ ਬਚਾਇਆ ਜਾ ਸਕੇ । ਉਹਨਾਂ ਦੱਸਿਆ ਕਿ ਰੁੱਖਾਂ ਦੀ ਘਾਟ ਕਾਰਨ ਦਿਨੋ ਦਿਨ ਤਾਪਮਾਨ ਵੱਧਦਾ ਜਾ ਰਿਹਾ ਹੈ ਜੋ ਕਿ ਆਮ ਜਨਜੀਵਨ ਪ੍ਰਭਾਵਿਤ ਕਰ ਰਿਹਾ ਹੈ। ਉਹਨਾਂ ਕਿਹਾ ਕਿ ਸਿਹਤ ਵਿਭਾਗ ਦੇ ਮਾਸ ਮੀਡੀਆ ਵਿੰਗ ਅਤੇ ਫ਼ੀਲਡ ਸਟਾਫ ਵੱਲੋਂ ਵੀ ਜ਼ਿਲੇ ਦੇ ਵੱਖ ਵੱਖ ਬਲਾਕਾਂ ਦੇ ਵਿੱਚ ਵਾਤਾਵਰਨ ਸਬੰਧੀ ਜਾਗਰੂਕਤਾ ਫੈਲਾਈ ਜਾ ਰਹੀ ਉਹਨਾਂ ਕਿਹਾ ਕਿ ਸਮੇਂ ਸਮੇਂ ਸਿਰ ਵੱਖ-ਵੱਖ ਸਿਹਤ ਸੰਸਥਾਵਾਂ ਦੇ ਵਿੱਚ ਟਰੀ ਪਲਾਂਟੇਸ਼ਨ ਮੁਹਿੰਮ ਰਾਹੀਂ ਬੂਟੇ ਲਗਾਏ ਜਾਂਦੇ ਹਨ ਜਿਲਾ ਐਪੀਡਮੋਲਜਿਸਟ ਡਾਕਟਰ ਸਿਮਰਨ ਅਤੇ ਡਾਕਟਰ ਅਮਨਦੀਪ ਸਿੰਘ ਵੱਲੋਂ ਵਾਤਾਵਰਨ ਸਬੰਧੀ ਵੱਖ-ਵੱਖ ਵਿਸ਼ਿਆਂ ਦੇ ਉੱਤੇ ਚਾਨਣਾ ਪਾਉਂਦੇ ਹੋਏ ਕਿਹਾ ਕਿ ਜੇਕਰ ਸਾਡੇ ਕੋਲ ਚੰਗਾ ਸਾਫ ਸੁਥਰਾ ਹਰਿਆ ਭਰਿਆ ਵਾਤਾਵਰਨ ਹੋਵੇਗਾ ਤਾਂ ਵਿਅਕਤੀ ਦੀ ਮਾਨਸਿਕ ਅਤੇ ਸਰੀਰਿਕ ਤੰਦਰੁਸਤੀ ਵਧੀਆ ਹੋਵੇਗੀ। ਉਹਨਾਂ ਕਿਹਾ ਕਿ ਵੱਧ ਰਹੀ ਗਲੋਬਲ ਵਾਰਮਿੰਗ ਕਰਕੇ ਤਾਪਮਾਨਾਂ ਦੇ ਵਿੱਚ ਬਹੁਤੇ ਜੀ ਨਾਲ ਬਦਲਾਅ ਹੋ ਰਿਹਾ ਹੈ ਉਹਨਾਂ ਕਿਹਾ ਕਿ ਸਾਨੂੰ ਵਾਤਾਵਰਨ ਦੀ ਸ਼ੁੱਧਤਾ ਦੇ ਲਈ ਅੱਗੇ ਆਉਣਾ ਪਵੇਗਾ ਇਸ ਮੌਕੇ ਪੋਸਟਰ ਮੇਕਿੰਗ ਅਤੇ ਕੁਇਜ਼ ਮੁਕਾਬਲਿਆ ਪਹਿਲਾ ਦੂਜਾ ਤੀਜਾ ਸਥਾਨ ਪ੍ਰਾਪਤ ਕਰਨ ਵਾਲੀਆਂ ਵਿਦਿਆਰਥਣਾਂ ਨੂੰ ਪੁਰਸਕਾਰ ਦੇ ਕੇ ਸਨਮਾਨਿਤ ਕੀਤਾ ਗਿਆ ਇਸ ਮੌਕੇ ਸਹਾਇਕ ਸਿਵਲ ਸਰਜਨ ਡਾਕਟਰ ਦੇਵੀ ਬਾਲਾ, ਜ਼ਿਲਾ ਟੀਕਾਕਰਨ ਅਫਸਰ ਡਾਕਟਰ ਵਰਿੰਦਰ ਪਾਲ ਕੌਰ ਅਤੇ ਜ਼ਿਲਾ ਮਾਸ ਮੀਡੀਆ ਅਫਸਰ ਸ੍ਰੀ ਅਮਰਦੀਪ ਸਿੰਘ, ਬਲਾਕ ਐਜੂਕੇਟਰ ਸ੍ਰੀ ਨਵੀਨ ਕਾਲੀਆ ਵੀ ਮੌਜੂਦ ਰਹੇ।

### ਜਨਮ ਅਤੇ ਮੌਤ ਸਰਟੀਫਿਕੇਟ ਜਾਰੀ ਕਰਨ ਵਿਚ ਦੇਰੀ ਬਰਦਾਸ਼ਤ ਨਹੀਂ : ਡੀ. ਸੀ. ਸ਼੍ਰੀ ਸੰਦੀਪ ਕੁਮਾਰ

# ਨਿੱਜੀ ਹਸਪਤਾਲ ਅਤੇ ਨਰਸਿੰਘ ਹੋਮਜ ਜਨਮ ਅਤੇ ਮੌਤ ਦੀ ਸੂਚਨਾ ਬਿਨਾਂ ਕਿਸੇ ਦੇਰੀ ਦੇ ਸੰਬੰਧਤ ਵਿਭਾਗਾਂ ਨੂੰ ਪਹੁੰਚਾਉਣ



**ਚੌਕ ਮਹਿਤਾ, 28 ਜੂਨ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਜ਼ਿਲਾ ਤਰਨ ਤਾਰਨ ਦੇ ਡਿਪਟੀ ਕਮਿਸ਼ਨਰ ਸ੍ਰੀ ਸੰਦੀਪ ਕੁਮਾਰ ਜੀ ਦੀ ਅਗਵਾਈ ਹੇਠ ਜ਼ਿਲਾ ਪ੍ਰਬੰਧਕੀ ਕੰਪਲੈਕਸ ਤਰਨ ਤਾਰਨ ਵਿਖੇ ਸ਼ੁਕਰਵਾਰ ਨੂੰ ਜ਼ਿਲਾ ਪੱਧਰੀ ਅੰਤਰ ਵਿਭਾਗੀ ਤਾਲਮੇਲ ਕਮੇਟੀ (ਜਨਮ ਅਤੇ ਮੌਤ) ਦੀ ਅਹਿਮ ਬੈਠਕ ਹੋਈ। ਇਸ ਬੈਠਕ ਦੇ ਵਿੱਚ ਸਿਹਤ ਵਿਭਾਗ, ਪੁਲਿਸ, ਸਿੱਖਿਆ, ਆਂਗਣਵਾੜੀ ਅਤੇ ਹੋਰ ਵਿਭਾਗਾਂ ਦੇ ਅਧਿਕਾਰੀਆਂ ਵੱਲੋਂ ਸ਼ਮੂਲੀਅਤ ਕੀਤੀ ਗਈ ਇਸ ਮੌਕੇ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਡਿਪਟੀ ਕਮਿਸ਼ਨਰ ਸ੍ਰੀ ਸੰਦੀਪ ਕੁਮਾਰ ਨੇ ਕਿਹਾ ਕਿ ਇਸ ਮੀਟਿੰਗ ਦਾ ਮੁੱਖ ਮੰਤਵ ਨਾਗਰਿਕਾਂ ਨੂੰ ਜਨਮ ਅਤੇ ਮੌਤ ਸਰਟੀਫਿਕੇਟ ਤਿਆਰ ਅਤੇ ਪ੍ਰਾਪਤ ਕਰਨ ਦੀ ਕਾਰਜਪ੍ਰਣਾਲੀ ਨੂੰ ਸਰਲ ਅਤੇ ਸੁਖਾਲਾ ਬਨਾਉਣਾ ਹੈ।

ਉਹਨਾਂ ਕਿਹਾ ਕਿ ਇਹ ਪਾਇਆ ਗਿਆ ਹੈ ਕੇ ਨਿੱਜੀ ਹਸਪਤਾਲ ਅਤੇ ਨਰਸਿੰਘ ਹੋਮਜ ਵਲੋਂ ਜਨਮ ਅਤੇ ਮੌਤ ਸਰਟੀਫਿਕੇਟ ਸੰਬੰਧੀ ਸਹੀ ਜਾਣਕਾਰੀ ਨੂੰ ਸਰਕਾਰੀ ਵਿਭਾਗਾਂ ਨੂੰ ਸਮੇਂ ਸਿਰ ਭੇਜਣਾ ਯਕੀਨੀ ਬਣਾਇਆ ਜਾਵੇ ਉਹਨਾਂ ਕਿਹਾ ਕਿ ਜਨਮ ਅਤੇ ਮੌਤ ਸਰਟੀਫਿਕੇਟ ਜਾਰੀ ਕਰਨ ਦੇ ਸੰਬੰਧ ਵਿਚ ਕਿਸੇ ਕਿਸਮ ਦੀ ਦੇਰੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਸ਼੍ਰੀ ਸੰਦੀਪ ਕੁਮਾਰ ਨੇ ਕਿਹਾ ਕਿ ਜਨਮ ਅਤੇ ਮੌਤ ਸਰਟੀਫਿਕੇਟ ਨੂੰ ਲਾਭਪਾਤਰੀ ਨੂੰ 21 ਦਿਨਾਂ ਦੇ ਵਿਚ ਜਾਰੀ ਕਰਨਾ ਯਕੀਨੀ ਬਣਾਇਆ ਜਾਵੇ ਸਿੱਖਿਆ ਵਿਭਾਗ ਨੂੰ ਹਦਾਇਤ ਕਰਦਿਆ ਡਿਪਟੀ ਕਮਿਸ਼ਨਰ ਸ੍ਰੀ ਸੰਦੀਪ ਕੁਮਾਰ ਕਿਹਾ ਕਿ ਬੱਚਿਆਂ ਦੇ ਦਾਖਲੇ ਤੋਂ ਪਹਿਲਾਂ ਬੱਚੇ ਤੋਂ ਜਨਮ ਸਰਟੀਫਿਕੇਟ ਲੈਣਾ ਜ਼ਰੂਰੀ ਹੈ ਅਤੇ ਵਿਭਾਗ ਇਸ ਨੂੰ ਅਨਗੌਲੀਆਂ ਨਾ ਕਰੇ ਇੱਸ ਮੌਕੇ ਸਹਾਇਕ ਸਿਵਲ ਸਰਜਨ ਡਾਕਟਰ ਦੇਵੀ ਬਾਲਾ, ਡਾਕਟਰ ਅਮਨਦੀਪ ਸਿੰਘ, ਜ਼ਿਲਾ ਮਾਸ ਮੀਡਿਆ ਅਫਸਰ ਸ੍ਰੀ ਅਮਰਦੀਪ ਸਿੰਘ ਮੌਜੂਦ ਰਹੇ।

# ਖਾਲਸਾ ਅਕੈਡਮੀ ਮਹਿਤਾ ਚੌਂਕ ਵਿਖੇ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੀ ਬਰਸੀ ਮਨਾਈ ਗਈ



**ਚੌਕ ਮਹਿਤਾ, 28 ਜੂਨ ( ਬਾਬਾ ਸੁਖਵੰਤ ਸਿੰਘ ਚੰਨਣਕੇ)** -ਮਾਨਯੋਗ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਮੁਖੀ ਦਮਦਮੀ ਟਕਸਾਲ ਅਤੇ ਪ੍ਰਧਾਨ ਸੰਤ ਸਮਾਜ ਜੀ ਦੀ ਸਰਪ੍ਰਸਤੀ ਹੇਠ ਚੱਲ ਰਹੇ ਵਿਦਿਅਕ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਅਕੈਡਮੀ ਵਿਖੇ ਮਿਤੀ 28 ਦਿਨ ਸ਼ੁਕਰਵਾਰ ਨੂੰ ਮਹਾਂਪੁਰਸ਼ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਜੀ ਦੀਆਂ ਸਿੱਖ ਕੌਮ ਪ੍ਰਤੀ ਅਣਮੁੱਲੀਆਂ ਸੇਵਾਵਾਂ ਪ੍ਰਤੀ ਸ਼ਰਧਾ ਭਾਵ ਰੱਖਦੇ ਹੋਏ ਬਰਸੀ ਮਨਾਈ ਗਈ। ਜਿਸ ਦੌਰਾਨ ਸਮੂਹ ਸਟਾਫ ਵੱਲੋਂ ਮੂਲ ਮੰਤਰ ਦੇ ਜਾਪ ਉਪਰੰਤ ਅਰਦਾਸ ਕੀਤੀ ਗਈ ਇਸ ਮੌਕੇ ਡਾਇਰੈਕਟਰ/ ਪ੍ਰਿੰਸੀਪਲ ਜਤਿੰਦਰ ਕੁਮਾਰ ਸ਼ਰਮਾ ਅਤੇ ਕਾਲਜ ਪ੍ਰਿੰਸੀਪਲ ਸਰਦਾਰ ਗੁਰਦੀਪ ਸਿੰਘ ਵੀ ਹਾਜ਼ਰ ਹੋਏ। ਮਹਾਂਪੁਰਸ਼ਾਂ ਦੀ ਵਿਦਿਅਕ ਅਦਾਰੇ ਪ੍ਰਤੀ ਅਣਥਕ ਮਿਹਨਤ ਨੂੰ ਯਾਦ ਕਰਦੇ ਹੋਏ ਵਿਦਿਅਕ ਅਦਾਰੇ ਦੀ ਤਰੱਕੀ ਲਈ ਕਾਮਨਾ ਕੀਤੀ ਗਈ। ਇਸ ਮੌਕੇ ਮੈਡਮ ਤਾਨੀਆ ਮਾਨ , ਮਨਦੀਪ ਕੌਰ , ਮਨਪ੍ਰੀਤ ਕੌਰ , ਨਰੋਤਮ ਪਾਲ ਕੌਰ ਜੀਵਨਦੀਪ ਕੌਰ ਆਦਿ ਸ਼ਾਮਿਲ ਸਨ।

# ਵੋਟ ਸਿਆਸਤ ਵਿਚ ਸਿੱਖ ਰਾਜਨੀਤੀ ਦੇ ਅਧਾਰਾਂ ਨੂੰ ਕੀਤਾ ਜਾਵੇ ਮੁੜ ਸੁਰਜੀਤ : ਪੰਥ ਸੇਵਕ ਸਖਸ਼ੀਅਤਾਂ



ਨਵੀਂ ਦਿੱਲੀ 28 ਜੂਨ (ਮਨਪ੍ਰੀਤ ਸਿੰਘ ਖਾਲਸਾ):-ਪੰਥ ਸੇਵਕ ਜੁਝਾਰੂ ਸਖਸ਼ੀਅਤਾਂ ਨੇ ਅੱਜ ਸਿੱਖ ਵੋਟ ਰਾਜਨੀਤੀ ਦੀ ਮੌਜੂਦਾ ਹਾਲਾਤ ਬਾਰੇ ਇਕ ਸਾਂਝਾ ਨੀਤੀ ਬਿਆਨ ਜਾਰੀ ਕੀਤਾ ਹੈ। ਪੰਥ ਸੇਵਕਾਂ ਭਾਈ ਦਲਜੀਤ ਸਿੰਘ, ਭਾਈ ਸਤਨਾਮ ਸਿੰਘ ਖੰਡੇਵਾਲਾ, ਭਾਈ ਰਜਿੰਦਰ ਸਿੰਘ ਮੁਗਲਵਾਲ, ਭਾਈ ਸਤਨਾਮ ਸਿੰਘ ਝੰਜੀਆਂ, ਭਾਈ ਅਮਰੀਕ ਸਿੰਘ ਈਸੜੂ, ਭਾਈ ਹਰਦੀਪ ਸਿੰਘ ਮਹਿਰਾਜ, ਭਾਈ ਮਨਜੀਤ ਸਿੰਘ ਫਗਵਾੜਾ ਅਤੇ ਭਾਈ ਸੁਖਦੇਵ ਸਿੰਘ ਡੋਡ ਨੇ ਇਸ ਬਿਆਨ ਵਿਚ ਕਿਹਾ ਹੈ ਕਿ 'ਸਿੱਖ ਵੋਟ ਰਾਜਨੀਤੀ ਵਿਚ ਪਹਿਲਾਂ ਤੋਂ ਚੱਲ ਰਹੀ ਅੰਦਰੂਨੀ ਫੁੱਟ ਇਸ ਵੇਲੇ ਸਿਖਰਾਂ ਵੱਲ ਜਾ ਰਹੀ ਹੈ। ਅਜਿਹੇ ਵਿਚ ਸਿੱਖ ਵੋਟ ਰਾਜਨੀਤਕ ਖੇਤਰ ਵਿਚ ਪਹਿਲਾਂ ਤੋਂ ਚੱਲ ਰਿਹਾ ਇੰਡੀਅਨ ਸਟੇਟ ਦਾ ਦਖਲ ਹੁਣ ਹੋਰ ਵੀ ਭਾਰੂ ਹੋ ਗਿਆ ਹੈ। ਇਹ ਸਭ ਇਸ ਲਈ ਵਾਪਰ ਰਿਹਾ ਹੈ ਕਿ ਕਿਉਂਕਿ ਸਿੱਖ ਵੋਟ ਰਾਜਨੀਤਕ ਖੇਤਰ ਵਿਚ ਲੰਮੇ ਸਮੇਂ ਤੋਂ ਗੁਰਮਤਿ ਸੇਧਤ ਅਸੂਲਾਂ ਅਤੇ ਪਰੰਪਰਾਵਾਂ ਦੀ ਅਣਦੇਖੀ ਹੋ ਰਹੀ ਹੈ'। ਇਸ ਗੰਭੀਰ ਸਥਿਤੀ ਦੇ ਕਾਰਨਾਂ ਦੀ ਸ਼ਨਾਖਤ ਕਰਦਿਆਂ ਪੰਥ ਸੇਵਕ ਸਖਸ਼ੀਅਤਾਂ ਨੇ ਕਿਹਾ ਕਿ 'ਇਸ ਵੇਲੇ ਸਿੱਖ ਵੋਟ ਰਾਜਨੀਤੀ ਆਪਣੇ ਮੂਲ ਅਧਾਰਾਂ, ਭਾਵ ਰਾਜਨੀਤੀ ਦੇ ਸਿੱਖ ਆਦਰਸ਼ਾਂ, ਜਥੇਬੰਦ ਹੋਣ ਦੀ ਪੰਥਕ ਰਿਵਾਇਤ ਅਤੇ ਗੁਰਮਤਿ ਸੇਧਤ ਸੰਘਰਸ਼ ਤੋਂ ਹੋਰ ਵੀ ਸੱਖਣੀ ਹੋ ਚੁੱਕੀ ਹੈ'। ਉਹਨਾ ਕਿਹਾ ਕਿ ਰਾਜਨੀਤਕ ਖੇਤਰ ਵਿਚ ਵਿਚਰ ਰਹੇ ਲੋਕਾਂ ਦੀਆਂ ਲਾਲਸਾਵਾਂ ਜਿਵੇਂ ਕਿ ਸਮਰੱਥਾ ਤੋਂ ਵੱਧ ਅਹੁਦਿਆਂ ਤੇ ਪਦਵੀਆਂ ਨੂੰ ਹਾਸਲ ਕਰਨ ਤੇ ਤਾਕਤ ਨੂੰ ਨਿੱਜੀ ਮੁਫਾਦਾਂ ਲਈ ਵਰਤਣ ਜਿਹੀਆਂ ਇੱਛਾਵਾਂ ਹੀ ਸਟੇਟ ਦੇ ਦਖਲ ਦਾ ਰਾਹ ਖੋਲ੍ਹੀਆਂ ਹਨ ਤੇ ਸਿੱਖ ਵੋਟ ਰਾਜਨੀਤੀ ਵਿਚ ਇਹੀ ਵਾਪਰ ਰਿਹਾ ਹੈ। ਇਸ ਹਾਲਾਤ ਵਿਚੋਂ ਨਿੱਕਲਣ ਲਈ ਅੰਦਰੂਨੀ ਸੁਧਾਰਾਂ ਦੀ ਲੋੜ ਉੱਤੇ ਜ਼ੋਰ ਦਿੰਦਿਆਂ ਸਿੱਖ ਸੰਘਰਸ਼ ਵਿਚ ਯੋਗਦਾਨ ਪਾਉਣ ਵਾਲੀਆਂ ਇਹਨਾ ਜੁਝਾਰੂ ਸਖਸ਼ੀਅਤਾਂ ਨੇ ਕਿਹਾ ਕਿ ਇਸ ਵੇਲੇ ਗੁਰੂ ਸਾਹਿਬਾਨ ਦੇ ਦਰਸਾਏ ਰਸਤੇ ਦਾ ਗਿਆਨ ਹਾਸਲ ਕਰਨ ਅਤੇ ਉਸ ਉੱਤੇ ਅਮਲ ਕਰਨ ਦੀ ਜਰੂਰਤ ਹੈ। ਉਹਨਾ ਕਿਹਾ ਕਿ ਸਿੱਖ ਵੋਟ ਰਾਜਨੀਤੀ ਵਿਚ ਸ਼ਾਮਿਲ ਸੁਹਿਰਦ ਹਿੱਸਿਆਂ ਨੂੰ ਆਪੋ-ਆਪਣੀ ਸਮਰੱਥਾ ਅਨੁਸਾਰ ਆਪਣੀ ਭੂਮਿਕਾ ਪਛਾਨਣ ਤੇ ਓਟਣ ਦੀ ਲੋੜ ਹੈ। ਇਸ ਵਾਸਤੇ ਉਹਨਾ ਨੂੰ ਤਿਆਗ ਭਾਵ ਤੇ ਆਪਸੀ ਸੰਵਾਦ ਦਾ ਅਮਲ ਅਪਨਾਉਣ ਚਾਹੀਦਾ ਹੈ।

# ਰਾਸ਼ਟਰੀ ਦੀਵਾਨ ਐਸੋਸੀਏਸ਼ਨ ਵੱਲੋਂ ਲੋੜਵੰਦ ਅੰਗਹੀਣਾਂ ਨੂੰ ਵੰਡਿਆ ਲੋੜੀਂਦਾ ਸਮਾਨ



ਤਲਵੰਡੀ ਸਾਬੋ, 28 ਜੂਨ (ਗੁਰਜੰਟ ਸਿੰਘ ਨਥੇਹਾ)- ਰਾਸ਼ਟਰੀ ਦੀਵਾਨ ਐਸੋਸੀਏਸ਼ਨ ਇਕਾਈ ਬਠਿੰਡਾ ਪੰਜਾਬ (ਰਜਿ: 2087) ਵਲੋਂ ਦਿਵਿਆਂਗ ਭੈਣ ਭਰਾਵਾਂ ਅਤੇ ਬਜ਼ੁਰਗਾਂ ਦੀ ਜ਼ਿੰਦਗੀ ਨੂੰ ਸੁਖਾਲਾ ਕਰਨ ਲਈ ਲਈ ਕੀਤੇ ਜਾ ਰਹੇ ਵੱਖ-ਵੱਖ ਜਤਨਾਂ ਦੀ ਲੜੀ ਤਹਿਤ ਪਿੰਡ-ਪਿੰਡ, ਸ਼ਹਿਰ-ਸ਼ਹਿਰ ਜਾ ਕੇ ਲੋੜਵੰਦ ਅੰਗਹੀਣਾਂ ਦੇ ਨਿਤ ਦਿਨ ਕੰਮ ਆਉਣ ਵਾਲੇ ਉਪਕਰਣਾਂ ਦੇ ਰਜਿਸਟਰੇਸ਼ਨ ਅਸੈਸਮੈਂਟ ਕੈਂਪ ਲਗਾਏ ਜਾ ਰਹੇ ਹਨ। ਏਸੇ ਲੜੀ ਤਹਿਤ ਲੋੜੀਂਦੇ ਉਪਕਰਣ ਤਕਸੀਮ ਕੀਤੇ ਗਏ। ਇਸ ਕੈਂਪ ਸਬੰਧੀ ਜਾਣਕਾਰੀ ਦਿੰਦਿਆਂ ਰਾਸ਼ਟਰੀ ਦਿਵਿਆਗ ਐਸੋਸੀਏਸ਼ਨ ਜਿਲਾ ਜਨਰਲ ਸਕੱਤਰ ਗੁਰਜੰਟ ਸਿੰਘ ਭਾਗੀਵਾਂਦਰ ਨੇ ਦੱਸਿਆ



ਕਿ ਉਕਤ ਐਸੋਸੀਏਸ਼ਨ ਵੱਲੋਂ ਹੱਥ ਨਾਲ ਚੱਲਣ ਵਾਲੇ ਅਤੇ ਬੈਟਰੀ ਨਾਲ ਚੱਲਣ ਟਰਾਈ ਸਾਈਕਲ, ਵੀਲ ਚੇਅਰ, ਫੋੜੀਆਂ, ਸਟਿੱਕਾਂ, ਕੰਨਾਂ ਵਾਲੀਆਂ ਮਸ਼ੀਨਾਂ, ਬਾਕਰ ਸੀਪੀ ਕੁਰਸੀਆਂ ਤੇ ਹੋਰ ਵੀ ਬਹੁਤ ਸਾਰਾ ਸਮਾਨ ਵੰਡਿਆ ਗਿਆ। ਉਹਨਾਂ ਦਸਿਆ ਕਿ ਅਲਮਕੋ ਬਠਿੰਡਾ ਦੇ ਪੀ ਐਂਡ ਓ ਗੌਤਮ ਪਾਂਡੇ, ਲਕਸੇ, ਜਤਿਨ ਦੇ ਸਹਿਯੋਗ ਨਾਲ ਰਾਸ਼ਟਰੀ ਦਿਆਵਾਂਗ ਸੂਬਾ ਪ੍ਰਧਾਨ ਲੱਖਾ ਸੰਘਰ, ਸੂਬਾ ਸਕੱਤਰ ਅਜੇ ਸਾਂਸੀ ਦੇ ਦਿਸਾ ਨਿਰਦੇਸ਼ਾਂ ਅਨੁਸਾਰ ਜਿਲਾ ਜਨਰਲ ਸਕੱਤਰ ਗੁਰਜੰਟ ਸਿੰਘ ਭਾਗੀਵਾਂਦਰ, ਪੰਜਾਬ ਸਲਾਹਕਾਰ ਰਣਧੀਰ ਸਿੰਘ ਜਗਾ ਰਾਮ ਤੀਰਥ, ਸੀਨੀਅਰ ਮੈਂਬਰ ਹਰਮਨ ਬਠਿੰਡਾ, ਪ੍ਰਧਾਨ ਪਾਲਾ ਰਾਮ ਨਗਰ, ਮੀਤ ਪ੍ਰਧਾਨ ਮੇਜ਼ਰ ਬਠਿੰਡਾ, ਜਨਰਲ ਸੈਕਟਰੀ ਰੂਪ ਸਿੰਘ ਰਾਮਗੜ੍ਹ ਭੂੰਦੜ, ਜੱਸੀ ਸਿੱਧੂ, ਸਿੰਦਰਪਾਲ ਮੌੜ, ਸੀਨੀਅਰ ਮੈਂਬਰ ਹਰਬੰਸ ਸਿੰਘ ਖਿਆਲੀ ਵਾਲਾ, ਮਾਨਸਾ ਇਕਾਈ ਦੇ ਸੀਨੀਅਰ ਅਮਨ ਦਸੌਂਦੀਆ, ਮਨੋਜ ਕੁਮਾਰ ਆਹਲੂਪੁਰ, ਪਰਮਜੀਤ ਬੁਢਲਾਡਾ, ਵੀਰਪਾਲ ਮੀਰਪੁਰ, ਨੇਕੀ ਫਾਉਂਡੇਸ਼ਨ ਬੁਢਲਾਡਾ ਨੇ ਪੂਰਾਨ ਸਹਿਯੋਗ ਦਿੱਤਾ। ਵੱਖ ਵੱਖ ਪਿੰਡਾਂ ਸ਼ਹਿਰਾਂ ਤੋਂ ਉਪਕਰਣਾਂ ਲੈਣ ਪਹੁੰਚੇ ਦਿਵਿਆਂਗ ਬਜ਼ੁਰਗਾਂ ਲਈ ਚਾਹ ਪਾਣੀ ਅਤੇ ਬੈਠਣ ਲਈ ਸਾਰਾ ਪ੍ਰਬੰਧ ਡੀਐਸਓ ਮੈਡਮ ਲਵਲੀਨ ਬੜਿੰਗ, ਮੋਹਿਤ ਗਰਗ ਪੂਰੇ ਸਟਾਫ ਨੇ ਕੀਤਾ। ਕੈਂਪ ਦੀ ਸਮਾਪਤੀ ਸਮੇਂ ਰਾਸ਼ਟਰੀ ਦਿਵਿਆਂਗ ਐਸੋਸੀਏਸ਼ਨ ਜਿਲਾ ਬਠਿੰਡਾ ਅਤੇ ਮਾਨਸਾ ਇਕਾਈ ਵੱਲੋਂ ਅਲੇਮਕੋ ਬਠਿੰਡਾ ਦੀ ਟੀਮ ਦਾ ਬਾਬਾ ਨਾਨਕ ਦੇਵ ਜੀ ਦੀ ਫੋਟੋ ਨਾਲ ਸਨਮਾਨ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

ਅੱਜ ਬਰਸੀ 'ਤੇ ਵਿਸ਼ੇਸ਼

# ਬ੍ਰਹਮ-ਗਿਆਨੀ ਤੇ ਸਿਮਰਨ ਦੇ ਧਨੀ ਸਨ-ਸੰਤ ਗੁਰਬਚਨ ਸਿੰਘ ਜੀ ਖ਼ਾਲਸਾ ਭਿੰਡਰਾਂਵਾਲੇ

ਜਗਰਾਉਂ ਤੋਂ ਤਿੰਨ ਮੀਲ ਦੂਰ ਸਤਲੁਜ ਦਰਿਆ ਦੀ ਸਰਹੰਦ ਨਹਿਰ ਦੇ ਕੰਢੇ ਇੱਕ ਅਖਾੜਾ ਨਗਰ ਹੈ। ਸੰਮਤ 1761 ਬਿਕਰਮੀ (ਸੰਨ 1704 ਈ:) ਚੇਤਰ ਮਹੀਨੇ ਕਲਗੀਧਰ ਪਾਤਸ਼ਾਹ ਚਮਕੌਰ ਸਾਹਿਬ ਦੇ ਯੁੱਧ ਉਪਰੰਤ ਜੰਗਲਾਂ ਵਿੱਚ ਵਿਚਰਦੇ ਹੋਏ ਇਸ ਨਗਰ ਵਿਖੇ ਦੋ ਦਿਨ ਠਹਿਰੇ ਸਨ। ਇਸ ਪਿੰਡ ਦੀ ਇੱਕ ਬਿਰਧ ਮਾਤਾ 'ਸੇਵੀ' ਨੇ ਪਿਆਰ, ਸ਼ਰਧਾ ਸਹਿਤ ਮਿੱਠਾ ਪਾ ਕੇ ਸਮੇਤ ਮਲਾਈ ਦੁੱਧ, ਛਕਾ ਕੇ ਸੇਵਾ ਕੀਤੀ। ਮਾਤਾ ਦਾ ਪੁੱਤਰ ਸਤਿਗੁਰਾਂ ਦਾ ਹੁਕਮ ਮੰਨ ਕੇ ਪੰਜ ਪਿਆਰਿਆਂ ਤੋਂ ਖੰਡੇ ਬਾਟੇ ਦਾ ਅੰਮ੍ਰਿਤ ਛਕ ਕੇ, ਸਿੰਘ ਸਜ ਕੇ, ਭਾਈ ਮੁਹੱਬਤ ਸਿੰਘ ਬਣਿਆ। ਹਜ਼ੂਰ ਨੇ ਬਖ਼ਿਸ਼ਸ਼ ਕੀਤੀ ਕਿ ਇਸ ਵੰਸ ਵਿੱਚ ਇੱਕ ਪੂਰਨ ਬ੍ਰਹਮ-ਗਿਆਨੀ, ਸੂਰਬੀਰ, ਗੁਰਸਿੱਖ, ਖਾਲਸੇ ਦੇ ਅਸੂਲਾਂ ਵਿੱਚ ਪੂਰਨ ਯੋਧਾ ਹੋ ਕੇ ਗੁਰਮਤਿ ਦਾ ਪ੍ਰਵਾਹ ਚਲਾਏਗਾ।



ਸੱਚ-ਖੰਡ ਵਾਸੀ ਸੰਤ ਗੁਰਬਚਨ ਸਿੰਘ ਜੀ ਖ਼ਾਲਸਾ ਭਿੰਡਰਾਂਵਾਲਿਆਂ ਦਾ ਜਨਮ ਮਾਘ ਦੀ ਪੁੰਨਿਆ ਤੇ ਫੱਗਣ ਦੀ ਸੰਗਰਾਂਦ 1959 ਬਿਕਰਮੀ ਮੁਤਾਬਿਕ 12 ਫ਼ਰਵਰੀ 1902 ਈ: ਨੂੰ ਪਿਤਾ ਭਾਈ ਰੂੜ ਸਿੰਘ ਦੇ ਘਰ ਮਾਤਾ ਅਨੰਦ ਕੌਰ ਦੀ ਕੁੱਖੋਂ ਅੰਮ੍ਰਿਤ ਵੇਲੇ ਢਾਈ ਵਜੇ ਹੋਇਆ। ਗੁਰਮਤਿ ਅਨੁਸਾਰ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਤੋਂ ਆਏ ਹੁਕਮਨਾਮੇ ਦੇ ਪਹਿਲੇ ਅੱਖਰ 'ਗ' ਤੋਂ ਆਪ ਦਾ ਨਾਂ 'ਗੁਰਬਚਨ ਸਿੰਘ' ਰੱਖਿਆ ਗਿਆ।

ਜਦ ਆਪ ਚਾਰ ਸਾਲ ਦੇ ਹੋਏ ਤਾਂ ਪੁਰਾਤਨ ਖ਼ਾਲਸੇ ਦੀ ਰੀਤੀ ਅਨੁਸਾਰ ਤਾਇਆ ਬਾਬਾ ਕਾਹਨ ਸਿੰਘ ਜੀ ਨੇ ਕੜਾਹ-ਪ੍ਰਸ਼ਾਦ ਤਿਆਰ ਕਰਕੇ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਵਿੱਚ ਅਰਦਾਸ ਕਰਕੇ ਆਪ ਨੂੰ ਗੁਰਮੁਖੀ ਦੇ ਪਹਿਲੇ ਪੰਜ ਅੱਖਰ ਲਿਖ ਕੇ ਗੁਰਮੁਖੀ ਦੀ ਵਿੱਦਿਆ ਦੇਣੀ ਸ਼ੁਰੂ ਕੀਤੀ। ਇਹਨਾਂ ਦੇ ਤਾਇਆ ਜੀ ਨੇ ਇਹਨਾਂ ਨੂੰ ਪੰਜ ਗ੍ਰੰਥੀ, ਬਾਈ ਵਾਰਾਂ, ਭਗਤ ਬਾਣੀ, ਦਸ ਗ੍ਰੰਥੀ ਦਾ ਸ਼ੁੱਧ ਪਾਠ ਕਰਵਾਇਆ। ਸੱਤ ਸਾਲ ਦੀ ਉਮਰ ਵਿੱਚ ਆਪ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਸ਼ੁੱਧ ਪਾਠ ਕਰਨਾ ਸਿੱਖ ਗਏ। ਭਾਈ ਗੁਰਦਾਸ ਜੀ ਦੀਆਂ ਵਾਰਾਂ, ਸ਼੍ਰੀ ਨਾਨਕ ਪ੍ਰਕਾਸ਼, ਸ਼੍ਰੀ ਗੁਰ ਪ੍ਰਤਾਪ ਸੂਰਜ ਗ੍ਰੰਥ, ਚੰਦਰ ਪ੍ਰਬੋਧ ਨਾਟਕ ਦੇ ਆਦਿ ਗ੍ਰੰਥ ਵੀ ਉਹਨਾਂ ਦੇ ਤਾਇਆ ਜੀ ਨੇ ਪੜ੍ਹਾਏ।

13 ਸਾਲ ਦੀ ਉਮਰ ਵਿੱਚ ਉਹਨਾਂ ਪਿੰਡ ਕਿਸ਼ਨਪੁਰੇ ਨਜ਼ਦੀਕ ਇੱਕ ਉਦਾਸੀ ਸਾਧੂ ਮਹੰਤ ਲਾਲ ਦਾਸ ਤੋਂ ਹਿੰਦੂ ਮੱਤ ਗ੍ਰੰਥਾਂ ਦਾ ਅਧਿਐਨ ਕੀਤਾ। 18 ਸਾਲ ਦੀ ਉਮਰ ਵਿੱਚ ਆਪ ਦਾ ਵਿਆਹ ਸ੍ਰ: ਬਸੰਤ ਸਿੰਘ ਦੀ ਸਪੁੱਤਰੀ ਬੀਬੀ ਕਿਸ਼ਨ ਕੌਰ ਨਾਲ ਪਿੰਡ ਰਾਜੋਆਣਾ ਜ਼ਿਲ੍ਹਾ ਲੁਧਿਆਣਾ ਵਿਖੇ ਪੂਰਨ ਗੁਰਮਰਯਾਦਾ ਅਨੁਸਾਰ ਹੋਇਆ। ਗ੍ਰਹਿਸਤ ਜੀਵਨ ਵਿੱਚ ਵੀ ਆਪ ਸਹਿਜ ਅਵਸਥਾ ਵਿੱਚ ਰਹਿੰਦੇ ਤੇ ਬਹੁਤਾ ਸਮਾਂ ਸਿਮਰਨ, ਭਜਨ ਵਿੱਚ ਬਤੀਤ ਕਰਦੇ। ਆਪ ਦੇ ਗ੍ਰਹਿ ਦੋ ਪੁੱਤਰ ਭਾਈ ਕਰਤਾਰ ਸਿੰਘ ਤੇ ਭਾਈ ਭਗਵਾਨ ਸਿੰਘ ਨੇ ਜਨਮ ਲਿਆ। ਜਦ ਵੀ ਕਿਸੇ ਚੰਗੇ ਭਜਨ-ਬੰਦਗੀ ਵਾਲੇ ਮਹਾਂਪੁਰਸ਼ ਬਾਰੇ ਆਪ ਨੂੰ ਪਤਾ ਲੱਗਦਾ ਤਾਂ ਆਪ ਬੜੇ ਸ਼ਰਧਾ ਅਤੇ ਪ੍ਰੇਮ ਨਾਲ ਦਰਸ਼ਨਾਂ ਨੂੰ ਜਾਂਦੇ। ਪਰ ਇਹਨਾਂ ਦੀ ਰੂਹ ਦੀ ਤੜਪ ਗੁਰਬਾਣੀ ਦੇ ਗਿਆਨ ਦੀ ਪ੍ਰਾਪਤੀ ਲਈ ਵੱਧਦੀ ਗਈ। ਗੁਰਬਾਣੀ ਦੀਆਂ ਡੂੰਘਿਆਈਆਂ ਨੂੰ ਸਮਝਣ ਲਈ ਇਹਨਾਂ ਨੇ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਫ਼ਰੀਦਕੋਟ ਵਾਲਾ ਟੀਕਾ ਜੋ 52 ਨਿਰਮਲੇ ਵਿਦਵਾਨਾਂ ਦਾ ਤਿਆਰ ਕੀਤਾ ਹੋਇਆ ਗਹੁ ਨਾਲ ਪੜ੍ਹਿਆ ਅਤੇ ਵਿਚਾਰਿਆ। ਉਸ ਟੀਕੇ ਨੇ ਇਹਨਾਂ ਦੇ ਮਨ ਵਿੱਚ ਅਨੰਦ ਵਧਾਇਆ ਅਤੇ ਗਿਆਨ ਵਿਸ਼ਾਲ ਕੀਤਾ।

1920 ਵਿੱਚ ਅਖਾੜੇ ਵਿਖੇ ਸੰਤ ਸੁੰਦਰ ਸਿੰਘ ਜੀ ਦੇ ਮੁਖਾਰਬਿੰਦ ਤੋਂ ਹੋਈ ਅੰਮ੍ਰਿਤ ਰੂਪ ਗੁਰਬਾਣੀ ਦੀ ਕਥਾ ਦਾ ਆਪ ਦੇ ਮਨ ਤੇ ਐਸਾ ਪ੍ਰਭਾਵ ਪਿਆ ਕਿ ਨਿਰਮਲ ਰੂਹ ਪ੍ਰੇਮ ਵਿੱਚ ਲੀਨ ਹੋ ਗਈ। ਉਸ ਵੇਲੇ ਸਤਿਗੁਰੂ ਜੀ ਦੀ ਐਸੀ ਕਿਰਪਾ ਹੋਈ ਕਿ ਆਉਂਦੇ-ਜਾਂਦੇ ਸਵਾਸਾਂ ਦੇ ਨਾਲ ਵਾਹਿਗੁਰੂ ਦਾ ਜਾਪ ਸੁਤੇਸਿਧ ਹੀ ਹੋਣ ਲੱਗ ਪਿਆ। ਅਗਲੇ ਦਿਨ ਸੰਤ ਸੁੰਦਰ ਸਿੰਘ ਜੀ ਦੇ ਪੰਜ ਪਿਆਰਿਆਂ ਵਿੱਚ ਲੱਗ ਕੇ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਵਿੱਚ ਅੰਮ੍ਰਿਤ ਦਾ ਬਾਟਾ ਤਿਆਰ ਕਰਕੇ ਪੰਜ ਸੌ ਸਿੰਘਾਂ ਨੂੰ ਅੰਮ੍ਰਿਤ ਛਕਾਇਆ। ਜਿਨ੍ਹਾਂ ਵਿੱਚ ਗੁਰਬਚਨ ਸਿੰਘ ਵੀ ਅੰਮ੍ਰਿਤ ਛਕ ਕੇ ਐਸਾ ਖ਼ਾਲਸਾ ਸਜਿਆ ਕਿ ਆਪ ਦੇ ਨਾਂ ਨਾਲ 'ਤਖ਼ੱਲਸ' ਖ਼ਾਲਸਾ ਵੀ ਰੱਖਿਆ ਗਿਆ। ਸਾਵਣ ਮਹੀਨੇ ਦੀ ਸੰਗਰਾਂਦ ਵਾਲੇ ਦਿਨ ਤੋਂ ਪੱਕੇ ਤੌਰ ਤੇ ਪਿੰਡ ਭਿੰਡਰੀ ਜਥੇ ਵਿੱਚ ਰਹਿਣ ਲੱਗ ਪਏ। 1921 ਤੋਂ 1930 ਤੱਕ ਆਪ ਲਗਾਤਾਰ ਇਹਨਾਂ ਦੀ ਸੰਗਤ ਵਿੱਚ ਰਹੇ। 15 ਫ਼ਰਵਰੀ 1930 'ਚ ਗੁਰਦੁਆਰਾ ਸੱਚ-ਖੰਡ ਬੋਪਾਰਾਏ ਵਿਖੇ ਗਿਆਨੀ ਸੁੰਦਰ ਸਿੰਘ ਨੇ ਕਥਾ ਸੁਣਦਿਆਂ ਪ੍ਰਭਾਵਿਤ ਹੋ ਕੇ 'ਦਮਦਮੀ ਟਕਸਾਲ' ਦੀ ਸੇਵਾ-ਸੰਭਾਲ ਉਹਨਾਂ ਨੂੰ ਸੌਂਪ ਦਿੱਤੀ। ਸੰਤ ਜੀ ਨੇ ਬੜੀ ਉਦਾਰਤਾ ਨਾਲ ਆਪ ਇਹਨਾਂ ਨੂੰ ਭਾਈ ਗੁਰਦਾਸ ਜੀ ਦੀਆਂ ਵਾਰਾਂ , ਭਾਈ ਨੰਦ ਲਾਲ ਦੀ ਰਚਨਾ, ਸ਼੍ਰੀ ਗੁਰੂ ਪੰਥ ਪ੍ਰਕਾਸ਼, ਗੁਰ ਬਿਲਾਸ ਪਾਤਸ਼ਾਹੀ ਛੇਵੀਂ, ਦਸਵੀਂ ਤੇ ਹੋਰ ਪ੍ਰਮਾਣੀਕ ਗ੍ਰੰਥ ਅਰਥਮਈ ਵਿਆਖਿਆ ਕਰਕੇ ਬੜੇ ਗਹੁ ਤੇ ਪਿਆਰ ਨਾਲ ਪੜ੍ਹਾਏ। ਤਕਰੀਬਨ 36 ਲੱਖ ਜਪੁਜੀ ਸਾਹਿਬ ਦੇ ਪਾਠ, 36 ਲੱਖ ਮੂਲ-ਮੰਤਰ ਦਾ ਜਾਪ ਤੇ ਬੇਅੰਤ ਵਾਹਿਗੁਰੂ ਦਾ ਸਿਮਰਨ ਕਰਵਾਇਆ।

ਸੰਤ ਗੁਰਬਚਨ ਸਿੰਘ ਜੀ ਨੇ ਸਾਰੇ ਹਿੰਦੁਸਤਾਨ ਵਿੱਚ ਵਿਚਰ ਕੇ ਸਵਾ ਸੌ ਤੋਂ ਡੇਢ ਸੌ ਤੱਕ ਸਿੰਘਾਂ ਦੇ ਜਥੇ ਸਮੇਤ ਪੜ੍ਹਾਉਂਦਿਆਂ, ਕੀਰਤਨ ਸਿਖਾਉਂਦਿਆਂ ਨਿਰੋਲ ਗੁਰਮਤਿ ਦਾ ਪ੍ਰਚਾਰ ਕਰਦਿਆਂ ਲੱਖਾਂ ਪ੍ਰਾਣੀਆਂ ਨੂੰ ਅੰਮ੍ਰਿਤ ਛਕਾਇਆ, ਹਜ਼ਾਰਾਂ ਨੂੰ ਸ਼ੁੱਧ ਪਾਠ ਕਰਵਾਇਆ ਅਤੇ ਸੈਂਕੜਿਆਂ ਨੂੰ ਗਿਆਨੀ ਬਣਾਇਆ। ਸੰਤ ਜੀ ਨੇ ਗੁਰਮਤਿ ਦੀ ਵਿੱਦਿਆ ਪੜ੍ਹਾਉਣ ਦੇ ਨਾਲ-ਨਾਲ ਕਈ ਗੁਰਦੁਆਰਿਆਂ ਦੀ ਸੇਵਾ ਵੀ ਕੀਤੀ। 'ਗੁਰਬਾਣੀ ਇਸੁ ਜਗ ਮਹਿ ਚਾਨਣੁ' ਦੇ ਸਿਧਾਂਤ ਨੂੰ ਪ੍ਰਚਾਰਿਆ ਅਤੇ ਹੋਰ ਸੇਵਾਵਾਂ ਦੇ ਨਾਲ-ਨਾਲ ਖ਼ਾਲਸਾ ਜੀ ਨੇ ਬਹੁਤ ਸਾਰੇ ਅਖੰਡ-ਪਾਠ ਅਤੇ ਇਕੋਤਰੀਆਂ (ਧਨੌਲਾ, ਸੇਵੇਵਾਲਾ, ਜੋਧਪੁਰ (ਰੋਡੇ), ਸ਼੍ਰੀ ਅੰਮ੍ਰਿਤਸਰ ਸਾਹਿਬ, ਰਾਮਗੜ੍ਹ, ਸ਼੍ਰੀ ਹਜ਼ੂਰ ਸਾਹਿਬ) ਕਰਵਾਈਆਂ। 1966 ਵਿੱਚ ਸੰਤ ਜੀ ਦਾ ਬਲੱਡ ਪਰੈਸ਼ਰ ਨਾਲ ਸਰੀਰ ਢਿੱਲਾ ਹੋਇਆ ਤਾਂ ਸੰਗਤ ਦੀ ਬੇਨਤੀ ਤੇ ਪਿੰਡ ਨੰਗਾਲੀ ਪਹੁੰਚੇ। ਨੰਗਾਲੀ ਤੋਂ ਮਹਿਤਾ ਪਹੁੰਚ ਕੇ ਆਸਣ ਜਮਾ ਲਿਆ। ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਮਹਿਤਾ ਵਿਖੇ ਦੋ-ਦੋ, ਤਿੰਨ-ਤਿੰਨ ਕਥਾ ਰੋਜ਼ ਕੀਤੀਆਂ। ਸੰਤ ਜੀ ਨੂੰ ਲਗਾਤਾਰ ਬਲੱਡ ਪਰੈਸ਼ਰ ਅਤੇ ਸਾਹ ਦਾ ਦੌਰਾ ਪੈਂਦਾ ਰਿਹਾ, 13-14 ਹਾੜ ਨੂੰ ਬਹੁਤ ਸਖ਼ਤ ਦੌਰਾ ਪਿਆ। ਇਸ ਤਰ੍ਹਾਂ ਮਨੁੱਖ ਮਾਤਰ ਨੂੰ ਅਕਾਲ ਪੁਰਖ ਨਾਲ ਜੋੜਦੇ ਹੋਏ ਸੰਤ ਗੁਰਬਚਨ ਸਿੰਘ ਖ਼ਾਲਸਾ 29 ਜੂਨ 1969 ਈ: ਨੂੰ 67 ਸਾਲ ਦੀ ਉਮਰ ਭੋਗ ਕੇ ਸੱਚ-ਖੰਡ ਵਾਸ ਕਰ ਗਏ। ਉਹਨਾਂ ਦੀ ਯਾਦ ਵਿੱਚ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਮਹਿਤਾ, ਹਸਪਤਾਲ, ਖ਼ਾਲਸਾ ਅਕੈਡਮੀ ਵੀ ਦਮਦਮੀ ਟਕਸਾਲ ਵੱਲੋਂ ਚਲਾਈ ਜਾ ਰਹੀ ਹੈ। ਸੰਤ ਗੁਰਬਚਨ ਸਿੰਘ ਖ਼ਾਲਸਾ ਭਿੰਡਰਾਂਵਾਲਿਆਂ ਦੀ ਤਸਵੀਰ ਕੇਂਦਰੀ ਸਿੱਖ ਅਜਾਇਬ ਘਰ ਅੰਮ੍ਰਿਤਸਰ ਵਿਖੇ ਸੁਸ਼ੋਭਿਤ ਹੈ।

**-ਕਰਨੈਲ ਸਿੰਘ ਐੱਮ.ਏ.**
#1138/63-ਏ, ਗੁਰੂ ਤੇਗ਼ ਬਹਾਦਰ ਨਗਰ,
ਗਲੀ ਨੰਬਰ-1, ਚੰਡੀਗੜ੍ਹ ਰੋਡ, ਜਮਾਲਪੁਰ, ਲੁਧਿਆਣਾ

## ਨਵੇਂ ਅਪਰਾਧਿਕ ਕਾਨੂੰਨ ਆਮ ਲੋਕਾਂ ਲਈ ਵੱਡੀ ਸਿਰਦਰਦੀ ਬਨਣਗੇ- ਬਾਬਾ ਬਲਬੀਰ ਸਿੰਘ

# ਦੇਸ਼ ਨੂੰ ਪੁਲਿਸ ਰਾਜ 'ਚ ਤਬਦੀਲ ਕਰਨਗੇ ਨਵੇਂ ਅਪਰਾਧਿਕ ਕਾਨੂੰਨ

**ਤਲਵੰਡੀ ਸਾਬੋ, 28 ਜੂਨ (ਗੁਰਜੰਟ ਸਿੰਘ ਨਥੇਹਾ)**- ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਮੁਖੀ ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਨੇ ਲਾਗੂ ਹੋ ਰਹੇ ਨਵੇਂ ਅਪਰਾਧਿਕ ਕਨੂੰਨਾਂ ਸਬੰਧੀ ਟਿਪਣੀ ਦੇਂਦਿਆਂ ਕਿਹਾ ਕਿ ਭਾਰਤ ਵਿੱਚ ਤਿੰਨ ਨਵੇਂ ਅਪਰਾਧਿਕ ਕਨੂੰਨਾਂ ਬਾਰੇ ਵਿਰੋਧੀ ਧਿਰ ਅਤੇ ਉਚ ਅਦਾਲਤਾਂ ਦੇ ਵਕੀਲ ਤੇ ਸਾਬਕਾ ਅਫਸਰਸ਼ਾਹੀ ਅਸਹਿਮਤੀ ਪ੍ਰਗਟ ਕਰ ਰਹੀ ਹੈ। ਇਹ ਕਨੂੰਨ ਸੰਸਦ ਵਿੱਚ ਵਿਰੋਧੀ ਧਿਰ ਦੀਆਂ ਟਿਪਣੀਆਂ ਬਗੈਰ ਪਾਸ ਹੋਏ ਹਨ ਜਿਸ ਸਬੰਧੀ ਵੱਡੇ ਪੱਧਰ ਤੇ ਵਾਵਵੇਲਾ ਪੈਦਾ ਹੋਇਆ ਹੈ। ਉਨ੍ਹਾਂ ਕਿਹਾ ਕਿ ਜਿਹੜੇ ਕਨੂੰਨ ਸਧਾਰਨ ਵਿਅਕਤੀ ਦੀ ਅਜ਼ਾਦੀ ਤੇ ਡਾਕਾ ਮਾਰਦੇ ਹੋਣ ਉਨ੍ਹਾਂ ਨੂੰ ਲਾਗੂ ਕਰਨ ਤੋਂ ਪਹਿਲਾਂ ਖੰਘਾਲਣਾ ਜ਼ਰੂਰ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਨਵੇਂ ਕਨੂੰਨ ਇੰਡੀਅਨ ਜੁਡੀਸ਼ਲ ਕੋਡ, ਇੰਡੀਅਨ ਸਿਵਲ ਡੀਫੈਂਸਕੋਡ, ਤੇ ਇੰਡੀਅਨ ਐਵੀਡੈਂਸ ਐਕਟ, ਪੁਰਾਣੇ ਕ੍ਰਿਮੀਨਲ ਪ੍ਰੋਸ਼ੀਜ਼ਰ ਕੋਡ (ਸੀ.ਆਰ.ਪੀ) ਤੇ 1872 ਦੇ ਇੰਡੀਅਨ ਐਵੀਡੈਂਸ ਐਕਟ ਦੀ ਜਗ੍ਹਾ ਲੈਣਗੇ।



ਉਨ੍ਹਾਂ ਕਿਹਾ ਕਿ ਭਾਰਤੀ ਨੇਤਾਵਾਂ ਤੇ ਕਨੂੰਨ ਮਾਹਿਰਾਂ ਵੱਲੋਂ ਖਦਸਾ ਪ੍ਰਗਟ ਕੀਤਾ ਜਾ ਰਿਹਾ ਹੈ ਕਿ ਇਹ ਕਨੂੰਨ ਆਮ ਲੋਕਾਂ, ਖਾਸ ਤੌਰ ਤੇ ਗਰੀਬਾਂ ਕਮਜ਼ੋਰਾਂ, ਤੇ ਹਾਸ਼ੀਏ ਤੇ ਰਹਿਣ ਵਾਲੇ ਲੋਕਾਂ ਨੂੰ ਬਹੁਤ ਪ੍ਰਭਾਵਤ ਕਰਨਗੇ। ਉਨ੍ਹਾਂ ਕਿਹਾ ਕਿ ਇਨ੍ਹਾਂ ਕਨੂੰਨਾਂ ਦੇ ਲਾਗੂ ਹੋਣ ਤੇ ਸਰਕਾਰ ਦੀ ਕੋਈ ਵੀ ਨੀਤੀ ਤੇ ਅਸਿਹਮਤੀ ਅਪਰਾਧ ਦੇ ਘੇਰੇ ਵਿੱਚ ਆ ਜਾਵੇਗੀ। ਭਾਵ ਸਰਕਾਰ ਦੀ ਅਲੋਚਨਾ ਤੇ ਕਿਸੇ ਦੀ ਸ਼ਿਕਾਇਤ ਤੇ ਤੁਹਾਡੇ ਵਿਰੁੱਧ ਪੁਲਿਸ ਕੇਸ ਦਰਜ ਕਰ ਸਕਦੀ ਹੈ। ਉਨ੍ਹਾਂ ਕਿਹਾ ਇਸ ਦੀ ਸਭ ਤੋਂ ਵੱਧ ਵਰਤੋਂ ਵਿਰੋਧੀ ਧਿਰ ਦੇ ਸਿਆਸੀ ਲੋਕਾਂ ਤੇ ਹੋਇਆ ਕਰੇਗੀ। ਉਨ੍ਹਾਂ ਕਿਹਾ 1 ਜੁਲਾਈ 2024 ਤੋਂ ਲਾਗੂ ਹੋਣ ਵਾਲੇ ਅਪਰਾਧਿਕ ਕਨੂੰਨ ਭਾਰਤ ਨੂੰ ਇੱਕ ਪੁਲਿਸ ਸੂਬੇ ਵਿੱਚ ਬਦਲਣ ਦੀ ਨੀਂਹ ਰੱਖ ਦੇਣਗੇ। ਉਨ੍ਹਾਂ ਕਿਹਾ ਕਿ ਆਮ ਜਨਤਾ ਇਸ ਦਾ ਸ਼ਿਕਾਰ ਬਣੇਗੀ।

# ਗੁਰਦੁਆਰਾ ਚਿਲਾ ਸਾਹਿਬ ਸਿਰਸਾ ਦੇ ਨਾਮ 70 ਕਨਾਲ ਜਮੀਨ ਕਰਨਾ ਸੈਣੀ ਸਰਕਾਰ ਦਾ ਸਲਾਘਾਯੋਗ ਕੰਮ - ਜਥੇਦਾਰ ਦਾਦੂਵਾਲ




**ਸਿਰਸਾ, 28 ਜੂਨ (ਆਵਾਜ਼ਿ ਕੌਮ ਬਿਊਰੋ)**-ਸਿੱਖ ਧਰਮ ਦੇ ਮੋਢੀ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਮਹਾਰਾਜ ਜੀ ਨੇ ਦੀਨ ਦੁਨੀਆ ਨੂੰ ਤਾਰਦੇ ਸਿਰਸਾ ਸ਼ਹਿਰ ਵਿੱਚ ਆਪਣੇ ਮੁਬਾਰਕ ਚਰਨ ਪਾਏ ਸਨ ਅਤੇ ਲਗਭਗ 4 ਮਹੀਨੇ 13 ਦਿਨ ਦੇ ਕਰੀਬ ਇਸ ਸਥਾਨ ਤੇ ਨਿਵਾਸ ਕਰਕੇ ਸੰਗਤਾਂ ਨੂੰ ਇੱਕ ਵਾਹਿਗੁਰੂ ਅਕਾਲ ਪੁਰਖ ਨਾਲ ਜੁੜਨ ਦਾ ਸਰਬ ਸਾਂਝੀਵਾਲਤਾ ਦਾ ਉਪਦੇਸ਼ ਦਿੱਤਾ ਸੀ ਉਸ ਜਗਾ ਉੱਪਰ ਪਾਵਨ ਸੁੰਦਰ ਅਸਥਾਨ ਗੁਰਦੁਆਰਾ ਚਿਲਾ ਸਾਹਿਬ ਕਾਰ ਸੇਵਾ ਵਾਲੇ ਮਹਾਂਪੁਰਸ਼ਾਂ ਨੇ ਸਿੱਖ ਸੰਗਤਾਂ ਦੇ ਸਹਿਯੋਗ ਨਾਲ ਤਿਆਰ ਕੀਤਾ ਇਸ ਅਸਥਾਨ ਉੱਪਰ ਬੇਅੰਤ ਕਾਰ ਸੇਵਾ ਵਾਲੇ ਮਹਾਂਪੁਰਖਾਂ ਨੇ ਸਮੇਂ ਸਮੇਂ ਸੇਵਾਵਾਂ ਕੀਤੀਆਂ ਤੇ ਅੱਜ ਕੱਲ ਬਾਬਾ ਜਗਤਾਰ ਸਿੰਘ ਜੀ ਕਾਰ ਸੇਵਾ ਸਿਰਸਾ ਵਾਲੇ ਬੜੀ ਤਨਦੇਹੀ ਨਾਲ ਸੇਵਾ ਨਿਭਾ ਰਹੇ ਹਨ ਜਿਸ ਅਸਥਾਨ ਉੱਪਰ ਗੁਰਦੁਆਰਾ ਸਾਹਿਬ ਦੀ ਇਮਾਰਤ ਗੁਰਦੁਆਰਾ ਕੰਪਲੈਕਸ ਤਿਆਰ ਹੈ ਉਹ ਜਮੀਨ ਗੁਰਦੁਆਰਾ ਸਾਹਿਬ ਦੇ ਨਾਮ ਨਹੀਂ ਸੀ ਜਿਸਨੂੰ ਹੁਣ ਸ੍ਰੀ ਨਾਇਬ ਸਿੰਘ ਸੈਣੀ ਦੀ ਹਰਿਆਣਾ ਸਰਕਾਰ ਵੱਲੋਂ 70 ਕਨਾਲ 9 ਮਰਲੇ ਜ਼ਮੀਨ ਗੁਰਦੁਆਰਾ ਸਾਹਿਬ ਦੇ ਨਾਮ ਕਰਨ ਦਾ ਕੈਬਨਿਟ ਵਿੱਚ ਮਤਾ ਪਾਸ ਕੀਤਾ ਹੈ ਜੋ ਕੇ ਬਹੁਤ ਹੀ ਸਲਾਘਯੋਗ ਕਾਰਜ ਹੈ ਤੇ ਅਸੀਂ ਇਸ ਦੀ ਭਰਪੂਰ ਸ਼ਬਦਾਂ ਵਿੱਚ ਸਲਾਘਾ ਕਰਦੇ ਹਾਂ ਤੇ ਸ੍ਰੀ ਨਾਇਬ ਸਿੰਘ ਸੈਣੀ ਦੀ ਸਰਕਾਰ ਨੂੰ ਇਸ ਚੰਗੇ ਕਾਰਜ ਦੀ ਵਧਾਈ ਦਿੰਦੇ ਹਾਂ ਇਨਾਂ ਵਿਚਾਰਾਂ ਦਾ ਪ੍ਰਗਟਾਵਾ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਲਿਖਤੀ ਪ੍ਰੈਸਨੋਟ ਜਾਰੀ ਕਰਦਿਆਂ ਕੀਤਾ ਗਿਆ ਜਥੇਦਾਰ ਦਾਦੂਵਾਲ ਜੀ ਨੇ ਕਿਹਾ ਕੇ ਸ੍ਰੀ ਨਾਇਬ ਸਿੰਘ ਸੈਣੀ ਦੀ ਹਰਿਆਣਾ ਸਰਕਾਰ ਵੱਲੋਂ ਕੀਤੇ ਇਸ ਕਾਰਜ ਦਾ ਸ਼ਰਧਾਲੂ ਸੰਗਤਾਂ ਅਤੇ ਸਿੱਖ ਪੰਥ ਵਿੱਚ ਇੱਕ ਚੰਗਾ ਪ੍ਰਭਾਵ ਗਿਆ ਹੈ ਤੇ ਹਰੇਕ ਨੇ ਇਸ ਚੰਗੇ ਕਾਰਜ ਦੀ ਭਰਪੂਰ ਸ਼ਲਾਘਾ ਕੀਤੀ ਹੈ।

# ਵਾਤਾਵਰਣ ਨੂੰ ਹਰਾ ਭਰਾ ਬਣਾਉਣ ਲਈ ਹਰੇਕ ਨੌਜਵਾਨਾਂ ਨੂੰ ਵੱਧ ਤੋਂ ਵੱਧ ਪੌਦੇ ਲਗਉਣੇ ਚਾਹੀਦੀ ਹਨ : ਸਮਾਜ ਸੇਵੀ ਜਲਾਲ ਉਸਮਾ





ਚੌਕ ਮਹਿਤਾ 28 ਜੂਨ ( ਬਾਬਾ ਸੁਖਵੰਤ ਸਿੰਘ ਚੰਨਣਕੇ) ਹਰੇਕ ਨੌਜਵਾਨ ਸਮਾਜ ਸੇਵਕਾਂ ਨੂੰ ਆਪਣੇ ਆਪਣੇ ਪਿੰਡਾਂ ਵਿੱਚ ਵਾਤਾਵਰਣ ਨੂੰ ਹਰਾ ਭਰਾ ਬਣਾਉਣ ਲਈ ਵੱਧ ਤੋਂ ਵੱਧ ਦਰਖੱਤ ਲਗਉਣੇ ਚਾਹੀਦੀ ਹਨ। ਕਿਉਂਕਿ ਦਿਨੋਂ ਦਿਨ ਪਾਣੀ ਹੇਠਾਂ ਨੂੰ ਜਾ ਰਿਹਾ ਹੈ। ਵਾਤਾਵਰਣ ਗੰਧਲਾ ਹੁੰਦਾ ਜਾਂ ਰਿਹਾ ਹੈ। ਇਹ ਵਿਚਾਰ ਪੱਤਰਕਾਰਾ ਨਾਲ ਵਿਚਾਰ ਕਰਦੇ ਹੋਏ ਸਮਾਜ ਸੇਵੀ ਅਕਾਸ਼ ਟਰਾਂਸਪੋਰਟ ਦਬੁੱਈ ਦੇ ਮਾਲਕ ਸ, ਜਗੀਰ ਸਿੰਘ ਜਲਾਲ ਉਸਮਾ ਦੇ ਸਪੁੱਤਰ ਸ, ਹਰਜਿੰਦਰ ਸਿੰਘ ਜਲਾਲ ਉਸਮਾ ਜਿਲਾ ਵਾਈਸ ਪ੍ਰਧਾਨ ਵਪਾਰ ਮੰਡਲ ਸ੍ਰੀ ਅੰਮ੍ਰਿਤਸਰ ਪੀ, ਏ ਸ੍ਰੀ ਵਿਨੀਤ ਵਰਮਾ ਨੇ ਆਪਣੇ ਪਿੰਡ ਦੇ ਗੁਰਦੁਆਰੇ ਸਾਹਿਬ ਜੀ ਦੇ ਪਾਰਕ ਵਿੱਚ ਛਾਂਦਰ, ਫੱਲਾ ਅਤੇ ਫੁੱਲਾਂ ਦੇ ਬੂਟੇ ਲਗਉਣ ਸਮੇਂ ਕਿਹੇ। ਉਨ੍ਹਾਂ ਨੇ ਕਿਹਾ ਕਿ ਅਸੀਂ ਦਰਖੱਤਾ ਨੂੰ ਦਿਨੋ ਦਿਨ ਕਟੀ ਜਾਂ ਰਹੇ ਹਾਂ ਕੁਝ ਦਰਖਤਾਂ ਨੂੰ ਅੱਗ ਦੇ ਨਾਲ ਸਾੜੀ ਜਾਦੇ ਹਾਂ। ਪੰਜਾਬ ਦਾ ਵਾਤਾਵਰਣ ਗੰਧਲਾ ਹੁੰਦਾ ਜਾਂ ਰਿਹਾ ਹੈ। ਉਨ੍ਹਾਂ ਨੇ ਕਿਹਾ ਕਿ ਬੂਟਿਆਂ ਨੂੰ ਆਪਣੇ ਪੁੱਤਰਾ ਵਾਂਗੂ ਸਾਂਭ ਸੰਭਾਲ ਕਰਨੀ ਚਾਹੀਦੀ ਹੈ। ਇਸ ਦੌਰਾਨ ਠੇਕੇਦਾਰ ਲਖਵਿੰਦਰ ਸਿੰਘ ਜਲਾਲ ਉਸਮਾ, ਬਾਬਾ ਅਵਤਾਰ ਸਿੰਘ, ਬਖਸ਼ੀਸ਼ ਸਿੰਘ, ਬੂਟਾ ਸਿੰਘ ਮੀਡੀਆ ਇੰਨਚਾਰਜ ਆਦਿ ਨੌਜਵਾਨ ਬੱਚੇ ਵੀ ਹਾਜ਼ਰ ਸਨ।

### ਸਰਦਾਰ ਸੁਖਜਿੰਦਰ ਸਿੰਘ ਜੌੜਾ ਸਪੁੱਤਰ ਸ. ਪੂਰਨ ਸਿੰਘ ਦੇ ਸ਼ਰਧਾਂਜਲੀ ਸਮਾਗਮ ਦੇ ਭੋਗ ਪਾਏ ਗਏ

# ਵੱਖ-ਵੱਖ ਰਾਜਨੀਤਿਕ ਆਗੂਆਂ ਅਤੇ ਪੰਥਕ ਆਗੂਆਂ ਵੱਲੋਂ ਹਾਜ਼ਰੀ ਭਰੀ ਗਈ

## ਭੋਗ ਦੀ ਸਮਾਪਤੀ ਤੋਂ ਬਾਅਦ ਰਾਗੀ ਜੱਥੇ ਦੁਆਰਾ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਿਆ ਗਿਆ






















**ਲੁਧਿਆਣਾ, 28 ਜੂਨ (ਆਵਾਜਿ ਕੌਮ ਬਿਊਰੋ ਰਿਪੋਰਟ)**-ਲੁਧਿਆਣਾ – ਅੱਜ ਗੁਰਦੁਆਰਾ ਸ੍ਰੀ ਗੁਰੂ ਅਰਜਨ ਦੇਵ ਸਿੰਘ ਸਭਾ, ਭਾਈ ਰਣਧੀਰ ਸਿੰਘ ਨਗਰ ਲੁਧਿਆਣਾ ਵਿਖੇ ਸਰਦਾਰ ਸੁਖਜਿੰਦਰ ਸਿੰਘ ਜੌੜਾ ਦੇ ਅੰਤਿਮ ਸ਼ਰਧਾਂਜਲੀ ਦੇ ਭੋਗ ਪਾਏ ਗਏ। ਜਿਸ ਵਿੱਚ ਵੱਖ ਵੱਖ ਰਾਜਨੀਤਿਕ ਆਗੂਆਂ ਅਤੇ ਪੰਥਕ ਆਗੂਆਂ ਵੱਲੋਂ ਹਾਜ਼ਰੀ ਭਰੀ ਗਈ, ਅਤੇ ਉਨ੍ਹਾਂ ਨੂੰ ਸ਼ਰਧਾ ਦੇ ਫੁੱਲ ਭੇਂਟ ਕੀਤੇ ਗਏ। ਭੋਗ ਦੀ ਸਮਾਪਤੀ ਤੋਂ ਬਾਅਦ ਰਾਗੀ ਜੱਥੇ ਦੁਆਰਾ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਿਆ ਗਿਆ। ਅਤੇ ਉਪਰੰਤ ਵੱਖ ਵੱਖ ਰਾਜਨੀਤਿਕ ਅਤੇ ਧਾਰਮਿਕ ਬੁਲਾਰਿਆਂ ਵਲੋਂ ਉਨ੍ਹਾਂ ਦੀ ਜੀਵਨੀ ਤੇ ਜਾਣਕਾਰੀ ਦਿੱਤੀ ਗਈ ਅਤੇ ਸ਼ਰਧਾ ਦੇ ਫੁੱਲ ਭੇਂਟ ਕੀਤੇ। ਸਮਾਪਤੀ ਉਪਰੰਤ ਅਰਦਾਸ ਬੇਨਤੀ ਕੀਤੀ ਗਈ, ਅਤੇ ਗੁਰੂ ਦੇ ਲੰਗਰ ਅਤੁੱਟ ਵਰਤਾਏ ਗਏ। ਸਮੂਹ ਜੌੜਾ ਪਰਿਵਾਰ ਵੱਲੋਂ ਆਏ ਹੋਏ ਰਿਸ਼ਤੇਦਾਰਾਂ ਅਤੇ ਸੱਜਣਾਂ ਮਿੱਤਰਾਂ ਦਾ ਧੰਨਵਾਦ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV